SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 120** | **Wednesday, June 21, 2023** | **Tel: 905-793-2202 | Fax: 905-793-2282 | news@punjabipost.ca** | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਚਾਓ ਦੀ ਸਰਦਾਰੀ ਅਜੇ ਵੀ ਕਾਇਮ



ਟੋਰਾਂਟੋ, 20 ਜੂਨ (ਪੋਸਟ ਬਿਊਰੋ) : ਟੋਰਾਂਟੋ ਦੇ ਮੇਅਰ ਦੇ ਅਹੁਦੇ ਲਈ ਚੋਣਾਂ ਵਿੱਚ ਇੱਕ ਹਫਤੇ ਤੋਂ ਵੀ ਘੱਟ ਦਾ ਸਮਾਂ ਰਹਿ ਗਿਆ ਹੈ ਤੇ ਅਜਿਹੇ ਵਿੱਚ ਕਰਵਾਏ ਗਏ ਇੱਕ ਨਵੇਂ ਸਰਵੇਖਣ ਅਨੁਸਾਰ ਓਲੀਵੀਆ ਚਾਓ ਦੀ ਲੀਡ ਅਜੇ ਵੀ ਬਰਕਰਾਰ ਹੈ। ਇਹ ਵੀ ਆਖਿਆ ਜਾ ਰਿਹਾ ਹੈ ਕਿ ਲੀਡ ਐਨੀ ਜ਼ਿਆਦਾ ਹੈ ਕਿ ਬਾਕੀ ਉਮੀਦਵਾਰ ਹੁਣ ਚਾਓ ਦੇ ਨੇੜੇ ਤੇੜੇ ਵੀ ਨਹੀਂ ਪਹੁੰਚ ਸਕਦੇ।

ਮੇਨਸਟਰੀਟ ਰਿਸਰਚ ਵੱਲੋਂ ਕਰਵਾਏ ਗਏ ਨਵੇਂ ਸਰਵੇਖਣ ਵਿੱਚ ਚਾਓ ਨੂੰ 36 ਫੀ ਸਦੀ ਤੈਅਸ਼ੁਦਾ ਵੋਟਰਜ਼ ਦਾ ਸਮਰਥਨ ਹਾਸਲ ਹੋ ਰਿਹਾ ਹੈ। ਪਿਛਲੇ ਸ਼ੁੱਕਰਵਾਰ ਦੇ ਅੰਕੜਿਆਂ ਨਾਲੋਂ ਇਹ ਪੰਜ ਫੀ ਸਦੀ ਵੱਧ ਹੈ। ਮੇਨਸਟਰੀਟ ਰਿਸਰਚ ਦੇ ਪ੍ਰੈਜ਼ੀਡੈਂਟ ਤੇ ਸੀਈਓ ਕਿਰੋ ਮੈਗੀ ਨੇ ਆਖਿਆ ਕਿ ਇਸ ਸਮੇਂ ਚਾਓ ਦੇ ਨਾਲ ਰਲਣਾ ਕਿਸੇ ਹੋਰ ਉਮੀਦਵਾਰ ਦੇ ਵੱਸ ਤੋਂ ਬਾਹਰੀ ਗੱਲ ਲੱਗਦੀ ਹੈ। ਉਨ੍ਹਾਂ ਆਖਿਆ ਕਿ ਇਸ ਮਹੀਨੇ ਦੇ ਸ਼ੁਰੂ ਵਿੱਚ ਹੋਈ ਐਡਵਾਂਸ ਵੋਟਿੰਗ ਦੌਰਾਨ ਲੱਗਭਗ 130,000 ਟੋਰਾਂਟੋ ਵਾਸੀਆਂ ਨੇ ਆਪਣਾ ਅਗਲਾ ਮੇਅਰ ਚੁਣ ਵੀ ਲਿਆ ਹੈ।

ਉਨ੍ਹਾਂ ਆਖਿਆ ਕਿ ਇਸ ਹਫਤੇ ਜੇ ਕੁੱਝ ਨਾਟਕੀ ਨਹੀਂ ਹੁੰਦਾ ਤਾਂ ਹਵਾ ਦਾ ਰੁਖ ਚਾਓ ਵੱਲ ਹੀ ਰਹਿਣ ਦੀ ਸੰਭਾਵਨਾ ਹੈ। ਉਨ੍ਹਾਂ ਇਹ ਵੀ ਆਖਿਆ ਕਿ ਹੁਣ ਚੋਣਾਂ ਵਿੱਚ ਬਹੁਤਾ ਸਮਾਂ ਨਹੀਂ ਬਚਿਆ ਤੇ ਨਤੀਜੇ ਵੀ ਜਲਦ ਹੀ ਸੱਭ ਦੇ ਸਾਹਮਣੇ ਆਉਣ ਵਾਲੇ ਹਨ। ਜ਼ਿਕਰਯੋਗ ਹੈ ਕਿ ਇਸ ਸਮੇਂ ਚਾਓ, ਐਨਾ ਬਾਇਲਾਓ ਤੇ ਮਾਰਕ ਸਾਂਡਰਸ, ਜੋ ਕਿ 13 ਫੀ ਸਦੀ ਸਮਰਥਨ ਨਾਲ ਦੂਜੇ ਸਥਾਨ ਲਈ ਘੁਲ ਰਹੇ ਹਨ, ਤੋਂ ਕਿਤੇ ਅੱਗੇ ਚੱਲ ਰਹੀ ਹੈ। 12 ਫੀ ਸਦੀ ਸਮਰਥਨ ਹਾਸਲ ਕਰਕੇ ਜੋਸ਼ ਮੈਟਲੋਅ ਇਨ੍ਹਾਂ ਦੋਵਾਂ ਤੋਂ ਪਿੱਛੇ ਚੱਲ ਰਿਹਾ ਹੈ। ਇਸ ਦੌਰਾਨ ਲਾਇਜ਼ਨ ਸਟਰੈਟੇਜੀਜ਼ ਵੱਲੋਂ ਕਰਵਾਏ ਗਏ ਤਾਜ਼ਾ ਸਰਵੇਖਣ ਅਨੁਸਾਰ ਵੀ ਚਾਓ 30 ਫੀ ਸਦੀ ਸਮਰਥਨ ਹਾਸਲ ਕਰਕੇ ਸੱਭ ਤੋਂ ਮੂਹਰੇ ਚੱਲ ਰਹੀ ਹੈ।

## ਪਾਰਲੀਆਮੈਂਟ ਵਿੱਚ ਕੈਨੇਡਾ ਡਿਸਐਬਿਲਿਟੀ ਬੈਨੇਫਿਟ ਬਿੱਲ ਹੋਇਆ ਪਾਸ



ਓਟਵਾ, 20 ਜੂਨ (ਪੋਸਟ ਬਿਊਰੋ) : ਮੰਗਲਵਾਰ ਨੂੰ ਫੈਡਰਲ ਸਰਕਾਰ ਵੱਲੋਂ ਲਿਆਂਦਾ ਨਵਾਂ ਕੈਨੇਡਾ ਡਿਸਐਬਿਲਿਟੀ ਬੈਨੇਫਿਟ ਬਿੱਲ ਪਾਰਲੀਆਮੈਂਟ ਵਿੱਚ ਪਾਸ ਹੋ ਗਿਆ।

ਇੰਪਲੌਇਮੈਂਟ, ਵਰਕਫੋਰਸ ਡਿਵੈਲਪਮੈਂਟ ਐਂਡ ਡਿਸਐਬਿਲਿਟੀ ਇਨਕਲੂਜ਼ਨ ਮੰਤਰੀ ਕਾਰਲਾ ਕੁਆਲਟਰੋ ਵੱਲੋਂ ਪੇਸ਼ ਬਿੱਲ ਸੀ-22 ਵਿੱਚ ਘੱਟ ਆਮਦਨ ਵਾਲਿਆਂ ਤੇ ਅਪਾਹਜ ਵਿਅਕਤੀਆਂ, ਜਿਨ੍ਹਾਂ ਦੀ ਕੰਮ ਕਰਨ ਦੀ ਉਮਰ ਹੈ, ਲਈ ਫੈਡਰਲ ਇਨਕਮ ਸਪਲੀਮੈਂਟ ਤਿਆਰ ਕਰਨ ਦਾ ਪ੍ਰਸਤਾਵ ਸੀ। ਇਸ ਬਿੱਲ ਨੂੰ ਗਾਰੰਟੀਡ ਇਨਕਮ ਸਪਲੀਮੈਂਟ ਦੇ ਆਧਾਰ ਉੱਤੇ ਤਿਆਰ ਕੀਤਾ ਗਿਆ ਸੀ। ਲਿਬਰਲ ਕਈ ਸਾਲਾਂ ਤੋਂ ਆਪਣੀ ਇਸ ਵਚਨਬੱਧਤਾ ਨੂੰ ਸਿਰੇ ਲਾਉਣ ਲਈ ਰਾਹ ਲੱਭ ਰਹੇ ਸਨ। ਇਸ ਤੋਂ ਪਹਿਲਾਂ ਬਿੱਲ ਦੇ ਪਿਛਲੇ ਵਰਜ਼ਨ ਨੂੰ ਹਾਊਸ ਵੱਲੋਂ ਪਾਸ ਨਹੀਂ ਸੀ ਕੀਤਾ ਗਿਆ।

ਕੁਆਲਟਰੋ ਨੇ ਇਸ ਪ੍ਰਸਤਾਵ ਨੂੰ ਕੈਨੇਡਾ ਦੇ ਸੋਸ਼ਲ ਸੇਫਟੀ ਨੈੱਟ ਦਾ ਅਹਿਮ ਹਿੱਸਾ ਦੱਸਿਆ। ਉਨ੍ਹਾਂ ਆਖਿਆ ਕਿ ਇਸ ਨਾਲ ਸੈਂਕੜੇ ਅਪਾਹਜ ਕੈਨੇਡੀਅਨਜ਼ ਨੂੰ ਮਦਦ ਮਿਲੇਗੀ। ਅਜੇ ਇਹ ਸਪਸ਼ਟ ਨਹੀਂ ਹੋ ਸਕਿਆ ਹੈ ਕਿ ਇਸ ਲਈ ਕਿੰਨੀ ਰਕਮ ਦੀ ਪੇਸ਼ਕਸ਼ ਕੀਤੀ ਜਾਵੇਗੀ। ਮੰਗਲਵਾਰ ਸ਼ਾਮ ਨੂੰ ਕੁਆਲਟਰੋ ਨੇ ਟਵੀਟ ਕਰਕੇ ਆਖਿਆ ਕਿ ਹੁਣ ਇਹ ਬਿੱਲ ਸ਼ਾਹੀ ਮੁਹਰ ਲਈ ਭੇਜਿਆ ਜਾ ਰਿਹਾ ਹੈ।

## ਫੋਰਡ ਨੇ ਸਾਂਡਰਸ ਦੇ ਹੱਕ ਵਿੱਚ ਵੋਟ ਪਾਉਣ ਦਾ ਕੀਤਾ ਖੁਲਾਸਾ



ਓਨਟਾਰੀਓ, 20 ਜੂਨ (ਪੋਸਟ ਬਿਊਰੋ) : ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਨੇ ਇਹ ਖੁਲਾਸਾ ਕੀਤਾ ਹੈ ਕਿ ਉਹ ਅਗਲੇ ਹਫਤੇ ਹੋਣ ਜਾ ਰਹੀਆਂ ਟੋਰਾਂਟੋ ਦੇ ਮੇਅਰ ਦੇ ਅਹੁਦੇ ਸਬੰਧੀ ਚੋਣਾਂ ਵਿੱਚ ਕਿਸ ਉਮੀਦਵਾਰ ਨੂੰ ਵੋਟ ਕਰਨਗੇ।

ਮੰਗਲਵਾਰ ਨੂੰ ਓਟਵਾ ਵਿੱਚ ਇੱਕ ਐਲਾਨ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਫੋਰਡ ਨੇ ਆਖਿਆ ਕਿ ਉਹ ਟੋਰਾਂਟੋ ਦੇ ਸਾਬਕਾ ਪੁਲਿਸ ਚੀਫ ਮਾਰਕ ਸਾਂਡਰਸ ਨੂੰ ਵੋਟ ਕਰਨਗੇ। ਉਨ੍ਹਾਂ ਆਖਿਆ ਕਿ ਉਨ੍ਹਾਂ ਨੇ ਆਪਣੇ ਲਾਅਨ ਵਿੱਚ ਵੀ ਸਾਂਡਰਸ ਦੇ ਸਾਈਨ ਬੋਰਡ ਹੀ ਲਾਏ ਹੋਏ ਹਨ ਤੇ ਇਸ ਗੱਲ ਦੀ ਉਨ੍ਹਾਂ ਨੂੰ ਖੁਸ਼ੀ ਵੀ ਹੈ। ਫੋਰਡ ਨੇ ਆਖਿਆ ਕਿ ਉਨ੍ਹਾਂ ਦੀ ਨਜ਼ਰ ਵਿੱਚ ਸਾਂਡਰਸ ਤੋਂ ਬਿਹਤਰ ਮੇਅਰ ਉਨ੍ਹਾਂ ਨੂੰ ਨਹੀਂ ਮਿਲ ਸਕਦਾ। ਜ਼ਿਕਰਯੋਗ ਹੈ ਕਿ ਸਾਂਡਰਸ ਟੋਰਾਂਟੋ ਦੇ ਪਹਿਲੇ ਬਲੈਕ ਚੀਫ ਸਨ ਤੇ ਉਨ੍ਹਾਂ ਇਸ ਅਹੁਦੇ ਉੱਤੇ 2015 ਤੋਂ 2020 ਤੱਕ ਸੇਵਾ ਨਿਭਾਈ। ਪਰ ਡੌਨ ਵੈਲੀ ਵੈਸਟ ਵਿੱਚ ਹੋਈਆਂ ਚੋਣਾਂ ਵਿੱਚ ਪੀਸੀ ਪਾਰਟੀ ਦੀ ਟਿਕਟ ਉੱਤੇ ਖੜ੍ਹੇ ਸਾਂਡਰਸ ਹਾਰ ਗਏ। ਮਾਰਚ ਵਿੱਚ ਫੋਰਡ ਨੇ ਆਖਿਆ ਸੀ ਕਿ ਉਹ ਇਸ ਦੌੜ ਵਿੱਚ ਸ਼ਾਮਲ ਕਿਸੇ ਵੀ ਉਮੀਦਵਾਰ ਦਾ ਪੱਖ ਨਹੀਂ ਲੈਣਗੇ ...ਬਾਕੀ ਪੰਨਾ 2 'ਤੇ

## ਛੁਰੇਬਾਜ਼ੀ ਵਿੱਚ ਇੱਕ ਜ਼ਖ਼ਮੀ, ਮਸ਼ਕੂਕ ਦੀ ਭਾਲ ਕਰ ਰਹੀ ਹੈ ਪੁਲਿਸ



ਟੋਰਾਂਟੋ, 20 ਜੂਨ (ਪੋਸਟ ਬਿਊਰੋ) : ਸੋਮਵਾਰ ਰਾਤ ਨੂੰ ਡਾਊਨਟਾਊਨ ਟੋਰਾਂਟੋ ਵਿੱਚ ਛੁਰੇਬਾਜ਼ੀ ਵਿੱਚ ਇੱਕ ਵਿਅਕਤੀ ਦੇ ਜ਼ਖ਼ਮੀ ਹੋਣ ਮਗਰੋਂ ਪੁਲਿਸ ਵੱਲੋਂ ਮਸ਼ਕੂਕ ਦੀ ਭਾਲ ਕੀਤੀ ਜਾ ਰਹੀ ਹੈ।

ਇਹ ਘਟਨਾ ਰਾਤੀਂ 8:30 ਵਜੇ ਯੰਗ ਤੇ ਡੰਡਾਸ ਸਟਰੀਟਸ ਏਰੀਆ ਵਿੱਚ ਵਾਪਰੀ। ਜ਼ਖ਼ਮੀ ਵਿਅਕਤੀ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਪੁਲਿਸ ਦੇ ਪਹੁੰਚਣ ਤੋਂ ਪਹਿਲਾਂ ਹੀ ਮਸ਼ਕੂਕ ਘਟਨਾ ਨੂੰ ਅੰਜਾਮ ਦੇ ਕੇ ਫਰਾਰ ਹੋ ਚੁੱਕਿਆ ਸੀ। ਪੁਲਿਸ ਨੇ ਦੱਸਿਆ ਕਿ ਮਸ਼ਕੂਕ ਤੇ ਜ਼ਖ਼ਮੀ ਵਿਅਕਤੀ ਇੱਕ ਦੂਜੇ ਨੂੰ ਜਾਣਦੇ ਸਨ।

ਮਸ਼ਕੂਕ ਛੇ ਫੁੱਟ ਦਾ ਦੱਸਿਆ ਜਾਂਦਾ ਹੈ ਤੇ ਉਸ ਨੂੰ ਆਖਰੀ ਵਾਰੀ ਗ੍ਰੇਅ ਟੀ-ਸ਼ਰਟ ਤੇ ਕਾਲੀਆਂ ਟਰੈਕ ਪੈਂਟਸ ਪਾਇਆਂ ਵੇਖਿਆ ਗਿਆ ਸੀ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.com
ksgpestcontrol@gmail.com
Amarjeet Singh Gill

Law Office of Aman Sharma
- Real Estate
- Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6
Brampton, ON, L6P 3W4
Providing excellent quality legal services to our clients

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟਰਕਟਰ
647-998-7500
ਬਲਵਿੰਦਰ

$3199
$1699
$5299*
SUPER! SAVINGS FOR SUPER DADS
5.2 CU FT. CAPACITY (AI WASH)
7.4 CU FT. CAPACITY (REVERSIBLE DOOR)
CAFÉ KitchenAid moffat MAYTAG LG SAMSUNG Electrolux JENNAIR BOSCH Whirlpool
5781 Highway 7 Unit 10 Vaughan, ON L4L 1T8 (416) 477-5556
44 Fasken Dr, #2-9 Etobicoke, ON M9W 5M8 (416) 792-0877
Unit #1, 241 Clarence St Brampton, On L6W 3E7 (416) 551-3343
Unit #4 -1540 Fanshawe Park Road West London, On N6H 5L8 (519) 641-1010
Unit #6 – 410 Lewis Road Stoney Creek, On L8E 5Y7 (905) 643-0818
1050 Speers Road Oakville, On L6L 2X4 (416) 613-0555
416-551-5553
WWW.OURRHOMEAPPLIANCES.COM

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ
647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axcel InsuranceBrokers Ltd.
1332 Khalsa Dr, Unit # 11, Mississaga, ON L5S 0A2

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਬੱਸ ਵਿੱਚ ਹੋਈ ਛੁਰੇਬਾਜ਼ੀ ਵਿੱਚ ਇੱਕ ਜ਼ਖ਼ਮੀ, 3 ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਪੁਲਿਸ

ਟੋਰਾਂਟੋ, 20 ਜੂਨ (ਪੋਸਟ ਬਿਊਰੋ) : ਮੰਗਲਵਾਰ ਨੂੰ ਕਾਸਲ ਫਰੈਂਕ ਸਬਵੇਅ ਸਟੇਸ਼ਨ ਉੱਤੇ ਟੀਟੀਸੀ ਬੱਸ ਉੱਤੇ ਇੱਕ ਵਿਅਕਤੀ ਨੂੰ ਚਾਕੂ ਮਾਰਨ ਤੇ ਉਸ ਨਾਲ ਕੁੱਟਮਾਰ ਕਰਨ ਦੇ ਮਾਮਲੇ ਵਿੱਚ ਟੋਰਾਂਟੋ ਪੁਲਿਸ ਤਿੰਨ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ।



ਮੰਗਲਵਾਰ ਸ਼ਾਮ ਨੂੰ ਸਰਵਿਸ ਵੱਲੋਂ ਜਾਰੀ ਕੀਤੇ ਬਿਆਨ ਅਨੁਸਾਰ ਇਹ ਘਟਨਾ ਡਾਊਨਟਾਊਨ ਟੀਟੀਸੀ ਸਟੇਸ਼ਨ ਦੇ ਬੱਸ ਬੋਰਡਿੰਗ ਏਰੀਆ ਵਿੱਚ ਰਾਤੀਂ 1:00 ਵਜੇ ਵਾਪਰੀ। ਜਾਂਚਕਾਰਾਂ ਨੇ ਦੱਸਿਆ ਕਿ ਜਿਸ ਵਿਅਕਤੀ ਨੂੰ ਚਾਕੂ ਮਾਰਿਆ ਗਿਆ ਉਹ ਅਜੇ ਬੱਸ ਉੱਤੇ ਹੀ ਸਵਾਰ ਸੀ ਜਦੋਂ ਤਿੰਨੇ ਮਸ਼ਕੂਕ ਵੀ ਬੱਸ ਉੱਤੇ ਚੜ੍ਹ ਗਏ। ਕਿਸੇ ਤਰ੍ਹਾਂ ਦੀ ਤੂੰ ਤੂੰ ਮੈਂ ਮੈਂ ਤੋਂ ਬਿਨਾਂ ਹੀ ਇੱਕ ਮਸ਼ਕੂਕ ਨੇ ਉਸ ਵਿਅਕਤੀ ਦੇ ਮੂੰਹ ਉੱਤੇ ਘਸੁੰਨ ਜੜ ਦਿੱਤਾ।

ਬੱਸ ਦੇ ਡਰਾਈਵਰ ਕੋਲੋਂ ਉਸ ਵਿਅਕਤੀ ਨੇ ਮਦਦ ਮੰਗੀ ਪਰ ਐਨੇ ਚਿਰ ਨੂੰ ਦੂਜੇ ਮਸ਼ਕੂਕ ਨੇ ਚਾਕੂ ਕੱਢ ਲਿਆ ਤੇ ਪਹਿਲਾਂ ਉਸ ਨੂੰ ਕੁੱਟਿਆ ਤੇ ਫਿਰ ਉਸ ਦੇ ਦੋ ਵਾਰੀ ਚਾਕੂ ਨਾਲ ਵਾਰ ਕਰ ਦਿੱਤੇ। ਜਾਂਚਕਾਰਾਂ ਅਨੁਸਾਰ ਉਸ ਵਿਅਕਤੀ ਨੂੰ ਬਹੁਤੀਆਂ ਸੱਟਾਂ ਤਾਂ ਨਹੀਂ ਲੱਗੀਆਂ ਪਰ ਮਾਮੂਲੀ ਜ਼ਖ਼ਮੀ ਹਾਲਤ ਵਿੱਚ ਹੀ ਉਹ ਬੱਸ ਤੋਂ ਉਤਰ ਗਿਆ। ਇਸ ਤੋਂ ਪਹਿਲਾਂ ਕਿ ਟੋਰਾਂਟੋ ਪੁਲਿਸ ਅਧਿਕਾਰੀ ਸਟੇਸ਼ਨ ਉੱਤੇ ਪਹੁੰਚਦੇ ਤਿੰਨੇ ਮਸ਼ਕੂਕ ਮੌਕੇ ਤੋਂ ਫਰਾਰ ਹੋ ਗਏ।

ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਉਹ ਦੋ ਪੁਰਸ਼ਾਂ ਤੇ ਇੱਕ ਮਹਿਲਾ ਮਸ਼ਕੂਕ ਦੀ ਭਾਲ ਕਰ ਰਹੇ ਹਨ। ਇਨ੍ਹਾਂ ਤਿੰਨ ਵਿੱਚ ਇੱਕ ਪੁਰਸ਼ ਪੰਜ ਫੁੱਟ ਅੱਠ ਇੰਚ ਲੰਮਾਂ ਦੱਸਿਆ ਜਾਂਦਾ ਹੈ, ਉਸ ਨੂੰ ਆਖਰੀ ਵਾਰੀ ਹਰੇ ਰੰਗ ਦੇ ਜ਼ਿੱਪ-ਅੱਪ ਸਵੈਟਰ, ਹਰੀ ਪੈਂਟ ਤੇ ਕਾਲੇ ਰੰਗ ਦੇ ਬੈਕ ਪੈਕ ਨਾਲ ਵੇਖਿਆ ਗਿਆ। ਦੂਜਾ ਮਸ਼ਕੂਕ ਪੰਜ ਫੁੱਟ ਅੱਠ ਇੰਚ ਲੰਮਾਂ ਦੱਸਿਆ ਜਾਂਦਾ ਹੈ,ਜਿਸਦੇ ਵਾਲ ਘੁੰਗਰਾਲੇ ਹਨ ਤੇ ਉਸ ਨੂੰ ਆਖਰੀ ਵਾਰੀ ਕਾਲੇ ਰੰਗ ਦੀ ਹੁੱਡ ਵਾਲੀ ਸਵੈਟਰ, ਕਾਲੇ ਜੁੱਤੇ ਤੇ ਨੀਲੀ ਜੀਨਜ਼ ਪਾਇਆਂ ਵੇਖਿਆ ਗਿਆ।ਮਹਿਲਾ ਮਸ਼ਕੂਕ ਪੰਜ ਫੁੱਟ ਚਾਰ ਇੰਚ ਲੰਮੀਂ ਦੱਸੀ ਜਾਂਦੀ ਹੈ, ਜਿਸ ਦੇ ਮੋਢਿਆਂ ਤੱਕ ਲੰਮੇਂ ਵਾਲ ਹਨ ਤੇ ਉਸ ਨੂੰ ਆਖਰੀ ਵਾਰੀ ਕਾਲੇ ਜ਼ਿੱਪ-ਅੱਪ ਸਵੈਟਰ ਤੇ ਹਰੀਆਂ ਸ਼ੌਰਟਸ ਵਿੱਚ ਵੇਖਿਆ ਗਿਆ।

# ਫੋਰਡ ਨੇ ਸਾਂਡਰਸ ਦੇ ਹੱਕ ਵਿੱਚ ਵੋਟ ਪਾਉਣ ਦਾ ਕੀਤਾ ਖੁਲਾਸਾ

ਪੰਨਾ 1 ਦਾ ਬਾਕੀ

ਪਰ ਇੱਕ ਮਹੀਨਾ ਪਹਿਲਾਂ ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖਿਆ ਸੀ ਕਿ ਜੇ ਕੋਈ ਖੱਬੇ ਪੱਖੀ ਉਮੀਦਵਾਰ ਮੇਅਰ ਬਣ ਜਾਂਦਾ ਹੈ ਤਾਂ ਉਨ੍ਹਾਂ ਲਈ ਨਵੀਂ ਮੁਸੀਬਤ ਖੜ੍ਹੀ ਹੋ ਜਾਵੇਗੀ। ਇੱਥੇ ਦੱਸਣਾ ਬਣਦਾ ਹੈ ਕਿ ਜੇ ਓਲੀਵੀਆ ਚਾਓ ਟੋਰਾਂਟੋ ਦੀ ਮੇਅਰ ਚੁਣੀ ਜਾਂਦੀ ਹੈ ਤਾਂ ਉਨ੍ਹਾਂ ਵੱਲੋਂ ਫੋਰਡ ਦੇ ਕੁੱਝ ਪ੍ਰੋਵਿੰਸ਼ੀਅਲ ਪਲੈਨਜ਼ ਦਾ ਵਿਰੋਧ ਕੀਤਾ ਜਾਵੇਗਾ ਜਿਵੇਂ ਕਿ ਸਰਕਾਰ ਵੱਲੋਂ ਓਨਟਾਰੀਓ ਪਲੇਸ ਉੱਤੇ ਓਨਟਾਰੀਓ ਸਾਇੰਸ ਸੈਂਟਰ ਦੇ ਨਿਰਮਾਣ ਲਈ ਨਵੀਂ ਥਾਂ ਬਣਾਉਣਾ। ਪਰ ਮੰਗਲਵਾਰ ਨੂੰ ਫੋਰਡ ਨੇ ਇਹ ਵੀ ਆਖਿਆ ਕਿ ਜੋ ਕਈ ਉਮੀਦਵਾਰ ਵੀ ਜਿੱਤਦਾ ਹੈ ਉਹ ਸਿਆਸੀ ਮਤਭੇਦ ਦੇ ਬਾਵਜੂਦ ਉਸ ਨਾਲ ਰਲ ਕੇ ਕੰਮ ਕਰਨਗੇ। ਟੋਰਾਂਟੋ ਵਿੱਚ ਮੇਅਰ ਦੇ ਅਹੁਦੇ ਲਈ ਵੋਟਾਂ ਸੋਮਵਾਰ ਨੂੰ ਪੈਣ ਜਾ ਰਹੀਆਂ ਹਨ।

# ਡਾਕਾ ਮਾਰਨ ਵਾਲੇ ਮਸ਼ਕੂਕ ਨੂੰ ਕੀਤਾ ਗਿਆ ਗ੍ਰਿਫਤਾਰ

ਬਰੈਂਪਟਨ, 20 ਜੂਨ (ਪੋਸਟ ਬਿਊਰੋ) : ਪਿਛਲੇ ਹਫਤੇ ਕਥਿਤ ਤੌਰ ਉੱਤੇ ਇੱਕ ਬੈਂਕ ਨੂੰ ਲੁੱਟਣ ਦੇ ਮਾਮਲੇ ਵਿੱਚ ਬਰੈਂਪਟਨ ਦੇ ਇੱਕ ਵਿਅਕਤੀ ਨੂੰ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਵਿਅਕਤੀ ਵੱਲੋਂ ਬੈਂਕ ਲੁੱਟਣ ਸਮੇਂ ਇਹ ਦਾਅਵਾ ਵੀ ਕੀਤਾ ਗਿਆ ਸੀ ਕਿ ਉਸ ਨੇ ਧਮਾਕਾਖੇਜ਼ ਡਿਵਾਈਸ ਪਾਈ ਹੋਈ ਹੈ।

ਪੁਲਿਸ ਨੇ ਦੱਸਿਆ ਕਿ ਇਹ ਮਸ਼ਕੂਕ ਵੀਰਵਾਰ ਨੂੰ ਬਰੈਂਪਟਨ ਦੇ ਮੇਨ ਸਟਰੀਟ ਤੇ ਕੁਈਨ ਸਟਰੀਟ ਏਰੀਆ ਵਿੱਚ ਇੱਕ ਬੈਂਕ ਵਿੱਚ ਦਾਖਲ ਹੋਇਆ ਤੇ ਅੰਦਰ ਦਾਖਲ ਹੁੰਦਿਆਂ ਸਾਰ ਹੀ ਉਸ ਨੇ ਇੱਕ ਮੁਲਾਜ਼ਮ ਤੋਂ ਪੈਸੇ ਦੀ ਮੰਗ ਕਰਦਿਆਂ ਹੋਇਆਂ ਆਖਿਆ ਕਿ ਉਸ ਨੇ ਧਮਾਕਾਖੇਜ਼ ਡਿਵਾਈਸ ਪਾਈ ਹੋਈ ਹੈ। ਪੁਲਿਸ ਨੇ ਦੱਸਿਆ ਕਿ ਡਾਕੇ ਸਮੇਂ ਉਸ ਨੇ ਇੱਕ ਵੈਸਟ ਵੀ ਪਾਈ ਹੋਈ ਸੀ, ਜਿਸ ਉੱਤੇ ਕੁੱਝ ਭਾਰੀ ਚੀਜ਼ ਬੰਨ੍ਹੀ ਹੋਈ ਲੱਗ ਰਹੀ ਸੀ। ਬੈਂਕ ਮੁਲਾਜ਼ਮ ਨੇ ਵੱਡੀ ਮਾਤਰਾ ਵਿੱਚ ਨਕਦੀ ਇਸ ਮਸ਼ਕੂਕ ਨੂੰ ਦੇ ਦਿੱਤੀ ਤੇ ਇਹ ਪੈਦਲ ਹੀ ਉੱਥੋਂ ਫਰਾਰ ਹੋ ਗਿਆ।

ਜਾਂਚਕਾਰਾਂ ਨੇ ਜਲਦ ਹੀ ਮਸ਼ਕੂਕ ਦਾ ਪਤਾ ਲਾ ਲਿਆ ਤੇ ਉਸ ਨੂੰ ਡਾਕੇ ਤੋਂ ਥੋੜ੍ਹੀ ਦੇਰ ਬਾਅਦ ਹੀ ਗ੍ਰਿਫਤਾਰ ਕਰ ਲਿਆ ਗਿਆ। ਪੁਲਿਸ ਅਧਿਕਾਰੀਆਂ ਨੇ ਬਰੈਂਪਟਨ ਦੇ ਇੱਕ ਘਰ ਦੀ ਤਲਾਸ਼ੀ ਸਬੰਧੀ ਵਾਰੰਟ ਕਢਵਾ ਕੇ ਚੋਰੀ ਕੀਤੀ ਰਕਮ ਬਰਾਮਦ ਕਰ ਲਈ ਤੇ ਪੁਲਿਸ ਨੂੰ ਉਹ ਕੱਪੜੇ ਵੀ ਮਿਲ ਗਏ ਜਿਨ੍ਹਾਂ ਦੀ ਵਰਤੋਂ ਡਾਕੇ ਵੇਲੇ ਮਸ਼ਕੂਕ ਵੱਲੋਂ ਕੀਤੀ ਗਈ ਸੀ।ਪੁਲਿਸ ਇਹ ਪਤਾ ਲਾਉਣ ਵਿੱਚ ਵੀ ਸਫਲ ਹੋ ਗਈ ਕਿ ਵੈਸਟ ਉੱਤੇ ਕਿਸੇ ਕਿਸਮ ਦੀ ਧਮਾਕਾਖੇਜ਼ ਸਮੱਗਰੀ ਨਹੀਂ ਸੀ ਲੱਗੀ ਹੋਈ।

33 ਸਾਲਾ ਜੌਰਡਨ ਕਰੇਨ ਨੂੰ ਡਾਕੇ ਦੇ ਸਬੰਧ ਵਿੱਚ ਚਾਰਜ ਕੀਤਾ ਗਿਆ ਹੈ। ਪੁਲਿਸ ਨੇ ਦੱਸਿਆ ਕਿ ਮਾਮਲੇ ਦੀ ਅੱਗੇ ਵੀ ਜਾਂਚ ਕੀਤੀ ਜਾ ਰਹੀ ਹੈ ਤੇ ਮਸ਼ਕੂਕ ਖਿਲਾਫ ਹੋਰ ਚਾਰਜਿਜ਼ ਲਾਏ ਜਾਣ ਦੀ ਸੰਭਾਵਨਾ ਵੀ ਹੈ।

# ਮੈਰਿਟ ਵਿੱਚ ਆਏ ਵਿਦਿਆਰਥੀਆਂ ਨੇ ਵੇਖੀ ਵਿਧਾਨ ਸਭਾ ਦੀ ਕਾਰਵਾਈ



ਚੰਡੀਗੜ੍ਹ, 20 ਜੂਨ: ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਮੈਰਿਟ ਵਿੱਚ ਆਏ ਵਿਦਿਆਰਥੀਆਂ ਨੂੰ ਵਿਧਾਨ ਸਭਾ ਸੈਸ਼ਨ ਦਿਖਾਉਣ ਦੇ ਉਲੀਕੇ ਗਏ ਨਿਵੇਕਲੇ ਪ੍ਰੋਗਰਾਮ ਤਹਿਤ ਅੱਜ ਸਰਕਾਰੀ ਸਕੂਲਾਂ ਦੇ ਕਰੀਬ 250 ਵਿਦਿਆਰਥੀਆਂ ਨੇ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਵੇਖਿਆ।

ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਮੁੱਖ ਮੰਤਰੀ ਭਗਵੰਤ ਮਾਨ, ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਮਿਲਣੀ ਵੀ ਕੀਤੀ ਅਤੇ ਉਨ੍ਹਾਂ ਨਾਲ ਯਾਦਗਾਰੀ ਤਸਵੀਰ ਖਿਚਵਾਈ

ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਨੇ ਵਿਦਿਆਰਥੀਆਂ ਨੂੰ ਆਪਣੇ ਬਿਹਤਰ ਭਵਿੱਖ ਲਈ ਨਿਰੰਤਰ ਮਿਹਨਤ ਕਰਨ ਲਈ ਪ੍ਰੇਰਦਿਆਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਕਾਰਜਪਾਲਿਕਾ, ਵਿਧਾਨਪਾਲਿਕਾ ਅਤੇ ਨਿਆਂਪਾਲਿਕਾ ਦੀ ਵਿਹਾਰਕ ਜਾਣਕਾਰੀ ਦੇਣ ਲਈ ਅਜਿਹੇ ਉਪਰਾਲੇ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਮੁੱਖ ਮੰਤਰੀ ਨੇ ਸਕੂਲ ਸਿੱਖਿਆ ਵਿਭਾਗ ਨੂੰ ਆਦੇਸ਼ ਦਿੱਤੇ ਕਿ ਸੈਸ਼ਨਾਂ ਤੋਂ ਬਿਨਾਂ ਵਾਲੇ ਦਿਨਾਂ ਦੌਰਾਨ ਵੀ ਵਿਦਿਆਰਥੀਆਂ ਦੇ ਵਿਧਾਨ ਸਭਾ ਦੇ ਦੌਰੇ ਜਾਰੀ ਰੱਖੇ ਜਾਣ ਤਾਂ ਜੋ ਉਨ੍ਹਾਂ ਨੂੰ ਵਿਧਾਨਕ ਕਾਰਜ-ਪ੍ਰਣਾਲੀ ਸਬੰਧੀ ਜਾਣਕਾਰੀ ਨਿਰੰਤਰ ਮਿਲਦੀ ਰਹੇ। ਕਮੇਟੀ ਰੂਮ ਵਿੱਚ ਮਿਲਣੀ ਦੌਰਾਨ ਮੁੱਖ ਮੰਤਰੀ ਨੇ ਵਿਦਿਆਰਥੀਆਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਵੀ ਦਿੱਤੇ।

ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਲੋਕਾਂ ਦੀ ਭਲਾਈ ਲਈ ਕਾਨੂੰਨ ਬਣਾਉਣ ਜਾਂ ਸੋਧ ਕਰਨ ਦੀ ਵਿਧੀ ਬਾਰੇ ਸੰਖੇਪ ਚਾਨਣਾ ਪਾਇਆ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਹੁਸ਼ਿਆਰ ਅਤੇ ਲੋੜਵੰਦ ਬੱਚਿਆਂ ਦੀ ਹੌਸਲਾ-ਅਫ਼ਜ਼ਾਈ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਇਸ ਤੋਂ ਪਹਿਲਾਂ ਮੈਰਿਟ ਵਿੱਚ ਆਉਣ ਵਾਲੇ ਵਿਦਿਆਰਥੀਆਂ ਨੇ ਸੈਸ਼ਨ ਦੀ ਕਾਰਵਾਈ ਵੇਖੀ ਅਤੇ ਉਹ ਵੱਖ-ਵੱਖ ਮਤਿਆਂ ਬਾਰੇ ਹੋਈ ਬਹਿਸ ਦੇ ਗਵਾਹ ਬਣੇ। ਸਪੀਕਰ ਸੰਧਵਾਂ ਨੇ ਆਪਣੇ ਦਫ਼ਤਰ ਪੁੱਜਣ 'ਤੇ ਇਨ੍ਹਾਂ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ। ਉਨ੍ਹਾਂ ਉਮੀਦ ਜਤਾਈ ਕਿ ਇਹ ਵਿਦਿਆਰਥੀ ਜ਼ਿੰਦਗੀ 'ਚ ਵੱਡੀਆਂ ਬੁਲੰਦੀਆਂ ਹਾਸਲ ਕਰਨਗੇ ਅਤੇ ਆਪਣੇ ਅਧਿਆਪਕਾਂ ਅਤੇ ਮਾਪਿਆਂ ਦਾ ਨਾਂ ਰੌਸ਼ਨ ਕਰਨਗੇ।

## ਅੱਜ ਨਾਮਾ

ਵਧਿਆ ਸਰਕਾਰ-ਗਵਰਨਰ ਦਾ ਹੋਰ ਝੇੜਾ,
ਕਰਿਆ ਏ ਮਤਾ ਸਰਕਾਰ ਜਦ ਪਾਸ ਬੇਲੀ।
ਮਤਾ ਇੱਕ ਕੇਂਦਰ ਦੇ ਬਾਰੇ ਵੀ ਪਾਸ ਕੀਤਾ,
ਜਿਸ ਵਿੱਚ ਕੱਢੀ ਗਈ ਬਹੁਤ ਭੜਾਸ ਬੇਲੀ।
ਧਮਕੀ ਕੋਰਟ ਵੱਲ ਜਾਵਣ ਦੀ ਨਾਲ ਦਿੱਤੀ,
ਜਿਹੜੀ ਲੱਗਦੀ ਨਹੀਂ ਆਵਣੀ ਰਾਸ ਬੇਲੀ।
ਵਧੀ ਇਹ ਗੱਲ ਜਾਵੇ ਜਿਹੜੀ ਹੱਦ ਤੀਕਰ,
ਲੱਗਦੀ ਮੋੜ ਨਹੀਂ ਪਾਉਣ ਦੀ ਆਸ ਬੇਲੀ।
ਦੋਵਾਂ ਈ ਪਾਸਿਉਂ ਕੋਈ ਨਹੀਂ ਢਿੱਲ ਕਰਦਾ,
ਹਰ ਕੋਈ ਕੁੜੱਤਣ ਦਾ ਰਾਗ ਅਲਾਪਦਾ ਈ।
ਕੁੜੱਤਣ ਕੇਂਦਰ ਪੰਜਾਬ ਵਿੱਚ ਵਧੀ ਜਿਹੜੀ,
ਮਾਮਲਾ ਬਹੁਤ ਇਹ ਵਿਗੜਦਾ ਜਾਪਦਾ ਈ।

**ਤੀਸ ਮਾਰ ਖਾਂ**





















# ਮੁੱਖ ਮੰਤਰੀ ਦੀ ਅਗਵਾਈ ਵਿਚ ਵਿਧਾਨ ਸਭਾ ਵੱਲੋਂ 'ਦਾ ਸਿੱਖ ਗੁਰਦੁਆਰਾ (ਸੋਧ) ਬਿੱਲ-2023' ਪਾਸ

## ਪਵਿੱਤਰ ਗੁਰਬਾਣੀ ਦੇ ਪ੍ਰਸਾਰਨ ਦੇ ਹੱਕ ਨੂੰ ਵਿਸ਼ੇਸ਼ ਪਰਿਵਾਰ ਦੇ ਕੰਟਰੋਲ ਤੋਂ ਮੁਕਤ ਕਰਵਾਉਣ ਦੇ ਉਦੇਸ਼ ਨਾਲ ਚੁੱਕਿਆ ਕਦਮ



ਚੰਡੀਗੜ੍ਹ, 20 ਜੂਨ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਵਿਧਾਨ ਸਭਾ ਨੇ ਅੱਜ 'ਦਾ ਸਿੱਖ ਗੁਰਦੁਆਰਾ (ਸੋਧ) ਬਿੱਲ- 2023' ਨੂੰ ਭਾਰੀ ਬਹੁਮਤ ਨਾਲ ਪਾਸ ਕਰ ਦਿੱਤਾ।

ਪੰਜਾਬ ਵਿਧਾਨ ਸਭਾ ਦੇ ਸਦਨ ਵਿਚ ਬਿੱਲ 'ਤੇ ਚਰਚਾ ਨੂੰ ਸਮੇਟਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਬਿੱਲ ਦਾ ਉਦੇਸ਼ ਪਵਿੱਤਰ ਗੁਰਬਾਣੀ ਦੇ ਪ੍ਰਸਾਰਨ ਦੇ ਅਧਿਕਾਰ 'ਤੇ ਇੱਕ ਵਿਸ਼ੇਸ਼ ਪਰਿਵਾਰ ਦੇ ਬੇਲੋੜੇ ਕੰਟਰੋਲ ਤੋਂ ਮੁਕਤ ਕਰਨਾ ਹੈ। ਉਨ੍ਹਾਂ ਕਿਹਾ ਕਿ ਇਹ ਵਿਰੋਧਭਾਸੀ ਸਥਿਤੀ ਹੈ ਕਿ ਸ਼੍ਰੋਮਣੀ ਕਮੇਟੀ ਇੱਕ ਪਰਿਵਾਰ ਦੇ ਪ੍ਰਭਾਵ ਹੇਠ, ਜੋ ਇਸ ਦੇ ਮਾਮਲਿਆਂ ਨੂੰ ਕੰਟਰੋਲ ਕਰਦਾ ਹੈ, ਵੱਲੋਂ ਏਸੇ ਪਰਿਵਾਰ ਦੇ ਚੈਨਲ ਨੂੰ ਪਵਿੱਤਰ ਗੁਰਬਾਣੀ ਦੇ ਪ੍ਰਸਾਰਨ ਦੇ ਮਾਲਕੀ ਹੱਕ ਦਿੱਤੇ ਹੋਏ ਹਨ। ਭਗਵੰਤ ਮਾਨ ਨੇ ਸਵਾਲ ਕੀਤਾ ਕਿ ਸਰਬ-ਸਾਂਝੀ ਗੁਰਬਾਣੀ ਦੇ ਇਹ ਅਧਿਕਾਰ ਕਿਸੇ ਵੀ ਚੈਨਲ ਨੂੰ ਕਿਵੇਂ ਦਿੱਤੇ ਜਾ ਸਕਦੇ ਹਨ?

ਮੁੱਖ ਮੰਤਰੀ ਨੇ ਕਿਹਾ ਕਿ ਇਹ ਬਿੱਲ ਕਿਸੇ ਵੀ ਤਰ੍ਹਾਂ ਨਾਲ ਧਾਰਮਿਕ ਮਾਮਲਿਆਂ ਵਿੱਚ ਦਖਲਅੰਦਾਜ਼ੀ ਨਹੀਂ ਕਰਦਾ, ਸਗੋਂ ਗੁਰਬਾਣੀ ਨੂੰ ਘਰ-ਘਰ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਉਣ ਲਈ ਇਹ ਨਿਮਾਣਾ ਜਿਹਾ ਕਦਮ ਹੈ। ਉਨ੍ਹਾਂ ਕਿਹਾ ਕਿ ਗੁਰਬਾਣੀ ਦਾ ਸਿੱਧਾ ਪ੍ਰਸਾਰਣ ਕਰਨ ਲਈ ਸਿੱਖ ਗੁਰਦੁਆਰਾ ਐਕਟ-1925 ਵਿੱਚ ਧਾਰਾ 125 ਤੋਂ ਬਾਅਦ ਧਾਰਾ 125-ਏ ਨੂੰ ਦਰਜ ਕੀਤਾ ਜਾਵੇਗਾ। ਭਗਵੰਤ ਮਾਨ ਨੇ ਕਿਹਾ ਕਿ ਇਸ ਐਕਟ ਵਿੱਚ ਇਹ ਵਿਵਸਥਾ ਹੋਵੇਗੀ ਕਿ ਮਹਾਨ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਦੇ ਪਾਸਾਰ ਲਈ ਬੋਰਡ (ਸ਼੍ਰੋਮਣੀ ਕਮੇਟੀ) ਦਾ ਫਰਜ਼ ਸ੍ਰੀ ਹਰਿਮੰਦਰ ਸਾਹਿਬ ਤੋਂ ਪਵਿੱਤਰ ਗੁਰਬਾਣੀ ਦਾ ਲਾਈਵ ਪ੍ਰਸਾਰਨ (ਆਡੀਓ ਜਾਂ ਆਡੀਓ ਦੇ ਨਾਲ-ਨਾਲ ਵੀਡੀਓ) ਸਾਰੇ ਮੀਡੀਆ ਘਰਾਣਿਆਂ, ਆਊਟਲੈੱਟਜ਼, ਪਲੇਟਫਾਰਮ, ਚੈਨਲਾਂ ਆਦਿ ਜੋ ਵੀ ਚਾਹੁੰਦਾ ਹੋਵੇ, ਨੂੰ ਮੁਹੱਈਆ ਕਰਵਾਉਣ ਦਾ ਹੋਵੇਗਾ। ਇਸ ਐਕਟ ਵਿਚ ਇਹ ਵਿਵਸਥਾ ਵੀ ਹੋਵੇਗੀ ਕਿ ਪ੍ਰਸਾਰਨ ਦੌਰਾਨ ਕਿਸੇ ਵੀ ਕੀਮਤ ਉਤੇ ਇਸ਼ਤਿਹਾਰਬਾਜ਼ੀ/ਵਪਾਰੀਕਰਨ/ਵਿਗਾੜ ਨਾ ਹੋਵੇ।

ਮੁੱਖ ਮੰਤਰੀ ਨੇ ਦੁਹਰਾਇਆ ਕਿ ਇੱਕ ਨਿਮਾਣੇ ਅਤੇ ਸ਼ਰਧਾਵਾਨ ਸਿੱਖ ਹੋਣ ਦੇ ਨਾਤੇ ਉਹ ਦੁਨੀਆ ਭਰ ਵਿੱਚ ਗੁਰਬਾਣੀ ਦਾ ਮੁਫਤ ਪ੍ਰਸਾਰਨ ਕਰਨ ਦੇ ਹੱਕਦਾਰ ਹਨ। ਭਗਵੰਤ ਮਾਨ ਨੇ ਹੈਰਾਨੀ ਪ੍ਰਗਟਾਈ ਕਿ ਇਹ ਪੰਥ 'ਤੇ ਹਮਲਾ ਕਿਵੇਂ ਹੋ ਗਿਆ ਕਿਉਂਕਿ ਉਹ ਸਿਰਫ਼ ਗੁਰਬਾਣੀ ਦੇ ਪ੍ਰਸਾਰਨ 'ਤੇ ਇਕ ਵਿਸ਼ੇਸ਼ ਚੈਨਲ ਦੇ ਕੰਟਰੋਲ ਦੀ ਮੁਖਾਲਫ਼ਤ ਕਰ ਰਹੇ ਹਨ, ਜੋ ਕਿ ਪੂਰੀ ਤਰ੍ਹਾਂ ਅਨਿਆਂਪੂਰਨ ਹੈ। ਉਨ੍ਹਾਂ ਕਿਹਾ ਕਿ ਇਸ ਕਦਮ ਦਾ ਉਦੇਸ਼ ਸਰਕਾਰ ਦੇ ਕਿਸੇ ਚੈਨਲ ਜਾਂ ਕਿਸੇ ਇੱਕ ਵਿਅਕਤੀ ਵਿਸ਼ੇਸ਼ ਨੂੰ ਅਧਿਕਾਰ ਦੇਣਾ ਨਹੀਂ ਹੈ ਸਗੋਂ ਇਸ ਦਾ ਮਨੋਰਥ ਗੁਰਬਾਣੀ ਸੰਦੇਸ਼ ਨੂੰ ਵਿਸ਼ਵ ਭਰ ਵਿੱਚ ਫੈਲਾਉਣਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਕ ਨਿਮਾਣੇ ਤੇ ਸ਼ਰਧਾਵਾਨ ਸਿੱਖ ਵਜੋਂ ਉਹ ਦੁਨੀਆ ਭਰ ਵਿਚ ਗੁਰਬਾਣੀ ਦੇ ਮੁਫ਼ਤ ਪ੍ਰਸਾਰਨ ਲਈ ਜ਼ੋਰਦਾਰ ਢੰਗ ਨਾਲ ਆਵਾਜ਼ ਬੁਲੰਦ ਕਰਨਗੇ। ਭਗਵੰਤ ਮਾਨ ਨੇ ਹੈਰਾਨੀ ਜ਼ਾਹਰ ਕਰਦਿਆਂ ਕਿਹਾ ਕਿ ਇਕ ਵਿਸ਼ੇਸ਼ ਚੈਨਲ ਵੱਲੋਂ ਗੁਰਬਾਣੀ ਦੇ ਪ੍ਰਸਾਰਨ ਉਤੇ ਕੰਟਰੋਲ ਕੀਤੇ ਹੋਣ ਦਾ ਵਿਰੋਧ ਕਰਨ ਨਾਲ ਪੰਥ ਉਤੇ ਹਮਲਾ ਕਿਵੇਂ ਆਖਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਪ੍ਰਸਾਰਨ ਦੇ ਹੱਕ ਇਕ ਚੈਨਲ ਤੱਕ ਸੀਮਿਤ ਰੱਖਣਾ ਪੂਰੀ ਤਰ੍ਹਾਂ ਅਨਿਆਂਪੂਰਨ ਹੈ। ਉਨ੍ਹਾਂ ਕਿਹਾ ਕਿ ਇਸ ਕਦਮ ਦਾ ਉਦੇਸ਼ ਸਰਕਾਰ ਦੇ ਕਿਸੇ ਵਿਸ਼ੇਸ਼ ਚੈਨਲ ਜਾਂ ਪ੍ਰਾਈਵੇਟ ਤੌਰ ਉਤੇ ਕਿਸੇ ਵਿਅਕਤੀ ਨੂੰ ਦੇਣ ਦਾ ਨਹੀਂ ਹੈ ਸਗੋਂ ਇਸ ਦਾ ਮਨੋਰਥ ਦੁਨੀਆ ਦੇ ਕੋਨੇ-ਕੋਨੇ ਵਿਚ ਗੁਰਬਾਣੀ ਦਾ ਸੰਦੇਸ਼ ਫੈਲਾਉਣਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਇਹ ਸੋਧ ਕਰਨ ਲਈ ਸਮਰੱਥ ਹੈ ਕਿਉਂਕਿ ਸੁਪਰੀਮ ਕੋਰਟ ਪਹਿਲਾਂ ਹੀ ਫੈਸਲਾ ਦੇ ਚੁੱਕੀ ਹੈ ਕਿ ਇਹ ਐਕਟ ਅੰਤਰ-ਰਾਜੀ ਐਕਟ ਨਹੀਂ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਮਾਮਲਿਆਂ ਵਿੱਚ ਲੰਮੇ ਸਮੇਂ ਤੋਂ ਇੱਕ ਹੀ ਪਰਿਵਾਰ ਦਾ ਦਬਦਬਾ ਰਿਹਾ ਹੈ, ਜਿਸ ਕਾਰਨ ਸਿੱਖ ਪੰਥ ਦਾ ਨਾ ਪੂਰਿਆ ਜਾਣ ਵਾਲਾ ਨੁਕਸਾਨ ਹੋਇਆ ਹੈ। ਭਗਵੰਤ ਮਾਨ ਨੇ ਕਿਹਾ ਕਿ ਗੰਦੀ ਖੇਡ ਖੇਡਦੇ ਹੋਏ ਇਸ ਪਰਿਵਾਰ ਨੇ ਆਪਣੇ ਚਹੇਤੇ ਚੈਨਲ ਨੂੰ ਗੁਰਬਾਣੀ ਦੇ ਪ੍ਰਸਾਰਨ ਦਾ ਵਿਸ਼ੇਸ਼ ਅਧਿਕਾਰ ਦੇ ਕੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਹੈ ਜਦਕਿ ਐਕਟ ਵਿੱਚ ਸ਼ਬਦ ਟੈਲੀਕਾਸਟ ਜਾਂ ਪ੍ਰਸਾਰਣ ਦਾ ਕੋਈ ਜ਼ਿਕਰ ਨਹੀਂ ਹੈ।

# ਪੰਜਾਬ ਸਰਕਾਰ ਨੂੰ ਤੰਗ-ਪ੍ਰੇਸ਼ਾਨ ਕਰਨ ਲਈ ਕੇਂਦਰ ਨੇ ਪੇਂਡੂ ਵਿਕਾਸ ਫੰਡ ਰੋਕੇ-ਮੁੱਖ ਮੰਤਰੀ ਨੇ ਕੇਂਦਰ ਸਰਕਾਰ ਉਤੇ ਤਿੱਖਾ ਹਮਲਾ ਬੋਲਿਆ

## * ਵੱਖ-ਵੱਖ ਸੂਬਿਆਂ ਵਿਚ ਗੈਰ-ਭਾਜਪਾ ਸਰਕਾਰਾਂ ਨੂੰ ਮਿੱਥ ਕੇ ਨਿਸ਼ਾਨਾ ਬਣਾ ਰਿਹਾ ਕੇਂਦਰ *ਜੇਕਰ ਇਕ ਜੁਲਾਈ ਤੋਂ ਫੰਡ ਜਾਰੀ ਨਾ ਕੀਤੇ ਤਾਂ ਸੁਪਰੀਮ ਕੋਰਟ ਦਾ ਦਰ ਖੜਕਾਏਗੀ ਸੂਬਾ ਸਰਕਾਰ

ਚੰਡੀਗੜ੍ਹ, 20 ਜੂਨ (ਪੋਸਟ ਬਿਊਰੋ): ਵੱਖ-ਵੱਖ ਸੂਬਿਆਂ ਵਿੱਚ ਗੈਰ-ਭਾਜਪਾ ਸਰਕਾਰਾਂ ਨੂੰ ਤੰਗ-ਪ੍ਰੇਸ਼ਾਨ ਕਰਨ ਲਈ ਕੇਂਦਰ ਦੀ ਭਾਜਪਾ ਦੀ ਅਗਵਾਈ ਵਾਲੀ ਐਨ.ਡੀ.ਏ. ਸਰਕਾਰ ਦੀ ਆਲੋਚਨਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਕਿਹਾ ਕਿ ਭਾਜਪਾ ਆਪਣੇ ਵਿਰੋਧੀਆਂ ਨੂੰ ਨਿਸ਼ਾਨਾ ਬਣਾਉਣ ਲਈ ਪੇਂਡੂ ਵਿਕਾਸ ਫੰਡ (ਆਰ.ਡੀ.ਐਫ.) ਰੋਕਣ ਵਰਗੇ ਘਟੀਆ ਹੱਥਕੰਡੇ ਅਪਣਾ ਰਹੀ ਹੈ।

ਮੁੱਖ ਮੰਤਰੀ ਨੇ ਪੰਜਾਬ ਵਿਧਾਨ ਸਭਾ ਦੇ ਸਦਨ ਵਿਚ ਸੂਬੇ ਵਿੱਚ ਆਰ.ਡੀ.ਐਫ. ਜਾਰੀ ਕਰਨ ਲਈ ਪੇਸ਼ ਕੀਤੇ ਗਏ ਮਤੇ 'ਤੇ ਹੋਈ ਚਰਚਾ ਨੂੰ ਸਮੇਟਦਿਆਂ ਕਿਹਾ ਕਿ ਇਸ ਤੱਥ ਦੇ ਬਾਵਜੂਦ ਕਿ ਮੌਜੂਦਾ ਸੂਬਾ ਸਰਕਾਰ ਨੇ ਪਿਛਲੀਆਂ ਸਰਕਾਰਾਂ ਦੀਆਂ ਸਾਰੀਆਂ ਤਰੁੱਟੀਆਂ ਨੂੰ ਦੂਰ ਕਰ ਦਿੱਤਾ ਪਰ ਕੇਂਦਰ ਨੇ ਫੇਰ ਵੀ ਅਜੇ ਤੱਕ ਫੰਡ ਜਾਰੀ ਨਹੀਂ ਕੀਤੇ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਖੁਦ ਕੇਂਦਰੀ ਮੰਤਰੀ ਨਾਲ ਮੁਲਾਕਾਤ ਵੀ ਕੀਤੀ ਸੀ, ਜਿਨ੍ਹਾਂ ਨੇ ਭਰੋਸਾ ਦਿੱਤਾ ਸੀ ਕਿ ਇਹ ਫੰਡ ਛੇਤੀ ਜਾਰੀ ਕਰ ਦਿੱਤੇ ਜਾਣਗੇ। ਹਾਲਾਂਕਿ, ਉਨ੍ਹਾਂ ਕਿਹਾ ਕਿ ਇਹ ਭਰੋਸਾ ਹਕੀਕਤ ਵਿਚ ਕਦੇ ਵੀ ਨਹੀਂ ਬਦਲਿਆ ਅਤੇ ਕੇਂਦਰ ਸਰਕਾਰ ਨੇ ਸੂਬੇ ਦੇ 3622 ਕਰੋੜ ਰੁਪਏ ਤੋਂ ਵੱਧ ਦੇ ਦਿਹਾਤੀ ਵਿਕਾਸ ਫੰਡ ਨੂੰ ਰੋਕ ਦਿੱਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹਰ ਕੋਈ ਜਾਣਦਾ ਹੈ ਕਿ ਕੇਂਦਰ ਸਰਕਾਰ ਦੇਸ਼ ਦੀਆਂ ਗੈਰ-ਭਾਜਪਾ ਸਰਕਾਰਾਂ ਨੂੰ ਮਿੱਥ ਕੇ ਨਿਸ਼ਾਨਾ ਬਣਾ ਰਿਹਾ ਹੈ ਅਤੇ ਉਨ੍ਹਾਂ ਨੂੰ ਸੁਚਾਰੂ ਢੰਗ ਨਾਲ ਕੰਮ ਨਹੀਂ ਕਰਨ ਦਿੱਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਇਸ ਤਾਨਾਸ਼ਾਹੀ ਵਤੀਰੇ ਨੇ ਦੇਸ਼ ਭਰ ਵਿੱਚ ਲੋਕਤੰਤਰ ਨੂੰ ਖ਼ਤਰੇ ਵਿੱਚ ਪਾ ਦਿੱਤਾ ਹੈ। ਭਗਵੰਤ ਮਾਨ ਨੇ ਕਿਹਾ ਕਿ ਇਹ ਇੱਕ ਖਤਰਨਾਕ ਰੁਝਾਨ ਹੈ ਜਿਸ ਨੂੰ ਰੋਕਣ ਦੀ ਲੋੜ ਹੈ ਕਿਉਂਕਿ ਇਹ ਦੇਸ਼ ਦੇ ਹਿੱਤ ਵਿੱਚ ਨਹੀਂ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਿਆਂ ਵਿੱਚ ਆਪਣੇ ਨਾਪਾਕ ਮਨਸੂਬਿਆਂ ਨੂੰ ਪੂਰਾ ਕਰਨ ਲਈ ਕੇਂਦਰ ਨੇ ਇੱਕ ਅਜਿਹੇ ਵਿਅਕਤੀ ਦੀ ਨਿਯੁਕਤੀ ਕੀਤੀ ਹੈ ਜਿਸ ਨੂੰ ਰਾਜਪਾਲ ਵਜੋਂ ਜਾਣਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਗਵਰਨਰ ਦਾ ਅਹੁਦਾ ਅੰਗਰੇਜ਼ਾਂ ਦੇ ਸ਼ਾਸਨਕਾਲ ਵੇਲੇ ਵੀ ਮੌਜੂਦ ਸੀ ਅਤੇ ਅਜੇ ਵੀ ਕੇਂਦਰ ਦੇ ਚੁਣੇ ਹੋਏ ਇਹ ਲੋਕ ਉਸੇ ਤਰ੍ਹਾਂ ਸ਼ਾਹੀ ਠਾਠ-ਬਾਠ ਨਾਲ ਰਹਿੰਦੇ ਹਨ, ਜਿਵੇਂ ਉਨ੍ਹਾਂ ਤੋਂ ਪਹਿਲਾਂ ਰਹਿੰਦੇ ਸਨ। ਭਗਵੰਤ ਮਾਨ ਨੇ ਕਿਹਾ ਕਿ ਅਸਲ ਵਿੱਚ ਇਹ ਰਾਜ ਭਵਨ ਹੁਣ ਸੂਬੇ ਦੇ ਮਾਮਲਿਆਂ ਵਿੱਚ ਦਖਲ ਦੇਣ ਲਈ ਭਾਜਪਾ ਦੇ ਸੂਬਾਈ ਹੈੱਡਕੁਆਰਟਰ ਵਜੋਂ ਉੱਭਰ ਕੇ ਸਾਹਮਣੇ ਆਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਰਾਜਪਾਲ ਚੁਣੀਆਂ ਹੋਈਆਂ ਸਰਕਾਰਾਂ ਦੇ ਕੰਮ ਵਿੱਚ ਬੇਲੋੜੇ ਅੜਿੱਕੇ ਡਾਹ ਰਹੇ ਹਨ। ਉਨ੍ਹਾਂ ਵਿਅੰਗ ਕਰਦਿਆਂ ਕਿਹਾ, "ਜੇਕਰ ਰਾਜਪਾਲ ਸੂਬਿਆਂ ਦੇ ਮਾਮਲਿਆਂ ਵਿੱਚ ਦਖ਼ਲ ਨਹੀਂ ਦਿੰਦੇ ਤਾਂ ਕੇਂਦਰ ਰਾਜਪਾਲਾਂ ਨੂੰ ਇਸ ਲਈ ਝਿੜਕਦਾ ਹੈ ਕਿ ਉਹ ਦਫ਼ਤਰਾਂ ਵਿੱਚ ਵਿਹਲੇ ਕਿਉਂ ਬੈਠੇ ਹਨ।" ਭਗਵੰਤ ਮਾਨ ਨੇ ਪੰਜਾਬ ਦੇ ਰਾਜਪਾਲ ਵੱਲੋਂ ਲਿਖੀਆਂ ਚਿੱਠੀਆਂ ਦਾ ਰਿਕਾਰਡ ਸਦਨ ਵਿਚ ਪੇਸ਼ ਕਰਦਿਆਂ ਕਿਹਾ ਕਿ ਰਾਜਪਾਲ ਨੂੰ ਅਜਿਹੇ ਪੱਤਰ ਲਿਖਣ ਦੀ ਬਜਾਏ ਆਰ.ਡੀ.ਐਫ. ਵਰਗੇ ਮੁੱਦਿਆਂ ਨੂੰ ਕੇਂਦਰ ਕੋਲ ਹੱਲ ਕਰਵਾਉਣ ਲਈ ਤਰੱਦਦ ਕਰਨਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਹਿੱਤਾਂ ਦੀ ਰਾਖੀ ਕਰਨ ਦੀ ਬਜਾਏ ਪੰਜਾਬ ਯੂਨੀਵਰਸਿਟੀ ਦੇ ਮੁੱਦੇ 'ਤੇ ਪੰਜਾਬ ਦੇ ਹੀ ਰਾਜਪਾਲ ਅਕਸਰ ਹੀ ਦੂਜੇ ਪਾਸੇ ਭੁਗਤਦੇ ਨਜ਼ਰ ਆਉਂਦੇ ਹਨ। ਭਗਵੰਤ ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਨੇ 3622 ਕਰੋੜ ਰੁਪਏ ਰੋਕ ਦਿੱਤੇ ਹਨ ਜੋ ਕਿ ਲਿੰਕ ਸੜਕਾਂ ਦੇ ਨਿਰਮਾਣ, ਮੰਡੀਆਂ ਵਿੱਚ ਬੁਨਿਆਦੀ ਢਾਂਚੇ ਨੂੰ ਉੱਚਾ ਚੁੱਕਣ ਅਤੇ ਹੋਰ ਕੰਮਾਂ ਲਈ ਵਰਤੇ ਜਾ ਸਕਦੇ ਸਨ। ਉਨ੍ਹਾਂ ਕਿਹਾ ਕਿ ਜੇਕਰ ਇਹ ਫੰਡ ਜਾਰੀ ਨਾ ਕੀਤਾ ਗਿਆ ਤਾਂ ਸੂਬਾ ਸਰਕਾਰ ਇਸ ਦੇ ਛੇਤੀ ਹੱਲ ਲਈ ਮਾਮਲਾ ਸੁਪਰੀਮ ਕੋਰਟ ਵਿੱਚ ਲੈ ਕੇ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਕਿੰਨੀ ਮੰਦਭਾਗੀ ਗੱਲ ਹੈ ਕਿ ਦੇਸ਼ ਦੇ ਆਜ਼ਾਦੀ ਸੰਘਰਸ਼ ਵਿੱਚ ਸਭ ਤੋਂ ਵੱਧ ਯੋਗਦਾਨ ਪਾਉਣ ਵਾਲੇ ਸੂਬੇ ਦੇ ਫੰਡਾਂ ਨੂੰ ਕੇਂਦਰ ਰੋਕ ਰਿਹਾ ਹੈ। ਉਨ੍ਹਾਂ ਸਵਾਲ ਕੀਤਾ ਕਿ ਕੀ ਇਹ ਉਨ੍ਹਾਂ ਮਹਾਨ ਕੌਮੀ ਨਾਇਕਾਂ ਦੇ ਅਥਾਹ ਯੋਗਦਾਨ ਦਾ ਸਤਿਕਾਰ ਹੈ ਜਿਨ੍ਹਾਂ ਨੇ ਮਾਤ ਭੂਮੀ ਦੀ ਖਾਤਰ ਆਪਣੀਆਂ ਕੀਮਤੀ ਜਾਨਾਂ ਨਿਛਾਵਰ ਕਰ ਦਿੱਤੀਆਂ ਸਨ? ਭਗਵੰਤ ਮਾਨ ਨੇ ਕਿਸਾਨਾਂ ਦੀ ਫ਼ਸਲ ਖ਼ਰੀਦਣ ਤੋਂ ਆਪਣੇ ਪੈਰ ਪਿੱਛੇ ਖਿੱਚਣ ਲਈ ਵੀ ਕੇਂਦਰ 'ਤੇ ਤਿੱਖਾ ਹਮਲਾ ਬੋਲਿਆ।

ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰੀ ਖਰੀਦ ਏਜੰਸੀਆਂ ਵੱਲੋਂ ਸੂਬੇ ਦੇ ਕਿਸਾਨਾਂ ਨੂੰ ਕਿਸੇ ਨਾ ਕਿਸੇ ਬਹਾਨੇ ਪ੍ਰੇਸ਼ਾਨ ਕੀਤਾ ਜਾਂਦਾ ਹੈ ਅਤੇ ਇੱਥੋਂ ਤੱਕ ਕਿ ਮੁੱਲ ਕਟੌਤੀ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਦੇ ਕਿਸਾਨਾਂ ਨੂੰ ਮੁੱਲ ਕਟੌਤੀ ਦੇ ਇਵਜ਼ ਵਿਚ ਮੁਆਵਜ਼ਾ ਦੇ ਕੇ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਕੀਤੀ। ਭਗਵੰਤ ਮਾਨ ਨੇ ਕਿਹਾ, "ਜੇਕਰ ਸੂਬੇ ਦੇ ਕਿਸਾਨ ਇਨ੍ਹਾਂ ਏਜੰਸੀਆਂ ਨੂੰ ਅਨਾਜ ਵੇਚਣ ਤੋਂ ਹੀ ਨਾਂਹ ਕਰ ਦੇਣ ਤਾਂ ਕੇਂਦਰ ਸਰਕਾਰ ਜਨਤਕ ਵੰਡ ਪ੍ਰਣਾਲੀ (ਪੀ.ਡੀ.ਐਸ.) ਲਈ ਅਨਾਜ ਕਿੱਥੋਂ ਲੈ ਕੇ ਆਵੇਗੀ?"

ਇਸ ਅਹਿਮ ਮੁੱਦੇ 'ਤੇ ਬਹਿਸ ਤੋਂ ਭੱਜਣ ਲਈ ਕਾਂਗਰਸ ਦੀ ਆਲੋਚਨਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਜਿਹਾ ਕਰਕੇ ਉਹ ਸੂਬੇ ਦੇ ਹਿੱਤਾਂ ਦਾ ਸਿੱਧੇ ਤੌਰ ਉਤੇ ਨੁਕਸਾਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਬਾਜਵਾ ਪੰਜਾਬ ਨਾਲ ਜੁੜੇ ਮਸਲਿਆਂ ਬਾਰੇ ਜਵਾਬ ਦੇਣ ਦੀ ਬਜਾਏ ਸਦਨ ਵਿੱਚੋਂ ਭੱਜ ਗਏ ਹਨ। ਭਗਵੰਤ ਮਾਨ ਨੇ ਪੰਜਾਬ ਵਾਸੀਆਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਲੋਕਾਂ ਨੂੰ ਇਨ੍ਹਾਂ ਲੀਡਰਾਂ ਪਾਸੋਂ ਪੁੱਛਣਾ ਚਾਹੀਦਾ ਹੈ ਕਿ ਜਦੋਂ ਆਰ.ਡੀ.ਐਫ. ਨੂੰ ਰੋਕਣ ਦਾ ਬਿੱਲ ਪਾਸ ਕੀਤਾ ਜਾ ਰਿਹਾ ਸੀ ਤਾਂ ਉਹ ਬਾਈਕਾਟ ਕਰਕੇ ਆਪਣੇ ਘਰ ਕਿਉਂ ਭੱਜ ਗਏ ਸਨ। ਭਗਵੰਤ ਮਾਨ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੂੰ ਸੂਬੇ ਦੇ ਹਿੱਤਾਂ ਨਾਲ ਕੋਈ ਲੈਣਾ-ਦੇਣਾ ਨਹੀਂ ਹੈ ਕਿਉਂਕਿ ਇਨ੍ਹਾਂ ਨੂੰ ਹਮੇਸ਼ਾ ਆਪਣੇ ਨਿੱਜੀ ਸਵਾਰਥਾਂ ਦੀ ਚਿੰਤਾ ਰਹਿੰਦੀ ਹੈ।

# ਸ.ਬਸੰਤ ਸਿੰਘ ਖ਼ਾਲਸਾ ਯਾਦਗਾਰੀ ਐਵਾਰਡ ਸਮਾਗਮ: ਡਾ ਹਰਸਿੰਦਰ ਕੌਰ, ਹਰਪ੍ਰੀਤ ਕੌਰ ਉਰਫ ਪ੍ਰੀਤ ਹੀਰ, ਕੁਲਵਿੰਦਰ ਕੌਰ ਕੰਵਰ, ਹਰਸ਼ਜੋਤ ਕੌਰ ਤੇ ਰਮਨੀਤ ਚਾਂਨੀ ਸਨਮਾਨਿਤ

## * ਪੰਜਾਬ ਭਵਨ ਸੰਸਥਾਪਕ ਸ੍ਰੀ ਸੁੱਖੀ ਬਾਠ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ



ਸੰਗਰੂਰ 20 ਜੂਨ( ਗਿਆਨ ਸਿੰਘ) ਪੰਜਾਬ ਦੇ ਸਾਬਕਾ ਸਿੱਖਿਆ ਮੰਤਰੀ ਸ. ਬਸੰਤ ਸਿੰਘ ਖਾਲਸਾ ਨੂੰ ਸਮਰਪਿਤ ਟਰੱਸਟ ਵੱਲੋਂ ਅਕਾਲ ਡਿਗਰੀ ਕਾਲਜ ਮਸਤੂਆਣਾ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਸਮਾਗਮ ਦੇ ਵਿਚ ਮੁੱਖ ਮਹਿਮਾਨ ਪੰਜਾਬ ਭਵਨ ਸੰਸਥਾਪਕ ਸ੍ਰੀ ਸੁੱਖੀ ਬਾਠ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੰਚ ਸੰਚਾਲਨ ਦੀ ਭੂਮਿਕਾ ਬਲਜੀਤ ਸ਼ਰਮਾ ਦੁਆਰਾ ਬਾਖ਼ੂਬੀ ਨਿਭਾਈ ਗਈ ਅਤੇ ਸਵਾਗਤੀ ਸ਼ਬਦਾਂ ਵਿਚ ਡਾ. ਹਰਪ੍ਰੀਤ ਕੌਰ ਖ਼ਾਲਸਾ ਨੇ ਸਮਾਗਮ ਵਿੱਚ ਆਏ ਹੋਏ ਮੁੱਖ ਮਹਿਮਾਨਾਂ, ਵਿਸ਼ੇਸ਼ ਮਹਿਮਾਨਾਂ ਅਤੇ ਸਨਮਾਨਿਤ ਹੋਣ ਜਾ ਰਹੀਆਂ ਸਖ਼ਸ਼ੀਅਤਾਂ ਨੂੰ "ਜੀ ਆਇਆਂ" ਕਹਿ ਕੇ ਨਿੱਘਾ ਸਵਾਗਤ ਕੀਤਾ। ਇਸ ਸਨਮਾਨ ਸਮਾਰੋਹ ਵਿੱਚ ਮਰਹੂਮ ਸਾਬਕਾ ਸਿੱਖਿਆ ਮੰਤਰੀ ਸ. ਬਸੰਤ ਸਿੰਘ ਖਾਲਸਾ ਯਾਦਗਾਰੀ ਐਵਾਰਡ ਵੱਖ -ਵੱਖ ਖੇਤਰਾਂ ਵਿਚ ਮੱਲ੍ਹਾਂ ਮਾਰਨ ਵਾਲੀਆਂ ਪੰਜਾਬ ਦੀਆਂ 5 ਹੋਣਹਾਰ ਧੀਆਂ ਨੂੰ ਦਿੱਤਾ ਗਿਆ ਜਿਹਨਾਂ ਵਿੱਚੋਂ ਡਾ ਹਰਸ਼ੰਦਿਰ ਕੌਰ ਪਟਿਆਲਾ, ਉੱਘੀ ਲੇਖਿਕਾ ਕੁਲਵਿੰਦਰ ਕੌਰ ਕੰਵਰ, ਪੰਜਾਬ ਭਵਨ ਜਲੰਧਰ ਮੁੱਖ ਸੰਚਾਲਿਕਾ ਹਰਪ੍ਰੀਤ ਕੌਰ ਉਰਫ਼ ਪ੍ਰੀਤ ਹੀਰ, ਪੁਲਿਸ ਇੰਸਪੈਕਟਰ ਹਰਸ਼ਜੋਤ ਕੌਰ ਅਤੇ ਰਮਨੀਤ ਚਾਂਨੀ ਨੂੰ ਦਿੱਤਾ ਗਿਆ। ਜਿਸ ਵਿਚ ਸਨਮਾਨ ਚਿੰਨ੍ਹ, 11ਹਜਾਰ ਰੁਪਏ ਦੀ ਨਕਦ ਰਾਸ਼ੀ, ਸਰਟੀਫ਼ਿਕੇਟ ਅਤੇ ਫੁਲਕਾਰੀ ਨਾਲ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ 25 ਉੱਦਮੀ ਔਰਤਾਂ ਨੂੰ ਸ਼ਲਾਘਾ ਚਿੰਨ੍ਹ ਵੀ ਦਿੱਤੇ ਗਏ। ਸਮਾਗਮ ਵਿੱਚ ਬਹੁਤ ਸਾਰੀਆਂ ਸਮਾਜ ਭਲਾਈ ਲਈ ਕੰਮ ਕਰਨ ਵਾਲੀਆਂ ਐਨ. ਜੀ. ਓ ਪਹੁੰਚੀਆਂ ਹੋਈਆਂ ਸਨ। ਸਮਾਗਮ ਵਿੱਚ ਸਾਬਕਾ ਸ. ਬਸੰਤ ਸਿੰਘ ਖ਼ਾਲਸਾ ਦੇ ਪੁੱਤਰ ਸ. ਬਿਕਰਮਜੀਤ ਸਿੰਘ ਖ਼ਾਲਸਾ ਨੇ ਆਪਣੇ ਪਿਤਾ ਜੀ ਦੀ ਜ਼ੰਦਿਗੀ ਤੇ ਚਾਨਣਾ ਪਾਇਆ ਅਤੇ ਉਹਨਾਂ ਦੇ ਕੀਤੇ ਕੰਮਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਅਜੀਤ ਉਪ ਦਫ਼ਤਰ ਸੰਗਰੂਰ (ਪੰਜਾਬ)ਦੇ ਜ਼ਿਲ੍ਹਿਾ ਇੰਚਾਰਜ ਸ.ਸੁਖਵਿੰਦਰ ਸਿੰਘ ਫੁੱਲ ਅਤੇ ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ ਦੇ ਪ੍ਰਿੰਸੀਪਲ ਸਾਹਿਬਾਨ ਅਤੇ ਸਮੂਹ ਸਟਾਫ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਸਮਾਗਮ ਦੇ ਅੰਤ ਵਿਚ ਪੰਜਾਬ ਭਵਨ ਸੰਸਥਾਪਕ ਸ੍ਰੀ ਸੁੱਖੀ ਬਾਠ ਨੇ ਆਪਣੇ ਭਾਸ਼ਣ ਵਿਚ ਕੁੜੀਆਂ ਨੂੰ ਸਮਾਜ ਵਿਚ ਉੱਚਾ ਉੱਠਣ ਲਈ ਪ੍ਰੇਰਿਤ ਕੀਤਾ। ਉਹਨਾਂ ਨੇ ਕਿਹਾ ਕਿ ਜ਼ੰਦਿਗੀ ਵਿਚ ਕੋਈ ਵੀ ਕੰਮ ਔਖਾ ਨਹੀਂ ਜਦੋਂ ਤੁਹਾਡੇ ਨਿਸ਼ਚਿਤ ਟੀਚੇ ਮਿੱਥੇ ਹੋਣ ਅਤੇ ਉਹਨਾਂ ਤੱਕ ਪਹੁੰਚਣ ਲਈ ਤੁਹਾਡੇ ਇਰਾਦੇ ਦ੍ਰਿੜ ਹੋਣ । ਸਮਾਗਮ ਵਿੱਚ ਮੋਹਨ ਸ਼ਰਮਾ, ਬਲਰਾਜ ਓਬਰਾਏ, ਅਕਾਲ ਕਾਲਜ ਆਫ ਐਜੂਕੇਸ਼ਨ ਦੇ ਪ੍ਰਿੰਸੀਪਲ ਡਾ ਸੁਖਦੀਪ ਕੌਰ, ਢੀਂਗਰਾ ਜੋੜੀ, ਮੈਡਮ ਰਾਜਦੀਪ ਬਰਾੜ ਅਤੇ ਹੋਰ ਬਹੁਤ ਸਾਰੇ ਮਹਿਮਾਨ ਉਚੇਚੇ ਤੌਰ 'ਤੇ ਤੇ ਹਾਜ਼ਰ ਸਨ। ਅੰਤ ਵਿਚ ਸ.ਬਸੰਤ ਸਿੰਘ ਖ਼ਾਲਸਾ ਯਾਦਗਾਰੀ ਟਰੱਸਟ ਵੱਲੋਂ ਸਾਰਿਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।

# ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਵਿਧਾਨ ਸਭਾ ਵੱਲੋਂ ਪੰਜਾਬ ਯੂਨੀਵਰਸਿਟੀ ਲਾਅਜ਼ (ਸੋਧ) ਬਿੱਲ, 2023 ਸਰਬਸੰਮਤੀ ਨਾਲ ਪਾਸ

ਚੰਡੀਗੜ੍ਹ, 20 ਜੂਨ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਵਿਧਾਨ ਸਭਾ ਵੱਲੋਂ ਅੱਜ ਪੰਜਾਬ ਯੂਨੀਵਰਸਿਟੀ ਲਾਅਜ਼ (ਸੋਧ) ਬਿੱਲ 2023 ਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ, ਜਿਸ ਕਾਰਨ ਸੂਬਾਈ ਯੂਨੀਵਰਸਿਟੀਆਂ ਦੇ ਚਾਂਸਲਰਾਂ ਦੀਆਂ ਤਾਕਤਾਂ ਮੁੱਖ ਮੰਤਰੀ ਕੋਲ ਹੋਣਗੀਆਂ।

## ਸੂਬਾਈ ਯੂਨੀਵਰਸਿਟੀਆਂ ਦੇ ਚਾਂਸਲਰਾਂ ਦੀਆਂ ਸ਼ਕਤੀਆਂ ਹੁਣ ਮੁੱਖ ਮੰਤਰੀ ਕੋਲ ਹੋਣਗੀਆਂ



ਸਦਨ ਵਿੱਚ ਬਹਿਸ ਨੂੰ ਸਮੇਟਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦਾ ਆਪਣਾ ਅਮੀਰ ਸੱਭਿਆਚਾਰ ਤੇ ਰਵਾਇਤਾਂ ਹਨ, ਜਿਸ ਨੂੰ ਨੌਜਵਾਨ ਪੀੜ੍ਹੀਆਂ ਤੱਕ ਪਹੁੰਚਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਸੰਸਥਾਵਾਂ ਖ਼ਾਸ ਤੌਰ ਉਤੇ ਯੂਨੀਵਰਸਿਟੀਆਂ ਇਸ ਵਿੱਚ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ। ਭਗਵੰਤ ਮਾਨ ਨੇ ਚੇਤੇ ਕਰਵਾਇਆ ਕਿ ਸੂਬੇ ਦੀਆਂ ਯੂਨੀਵਰਸਿਟੀਆਂ ਨੇ ਕਿਵੇਂ ਮਹਾਨ ਬੁੱਧੀਜੀਵੀ, ਕਲਾਕਾਰ ਤੇ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੀਆਂ ਅਹਿਮ ਹਸਤੀਆਂ ਪੈਦਾ ਕੀਤੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਵਿਰਾਸਤ ਨੂੰ ਅੱਗੇ ਲੈ ਕੇ ਜਾਣ ਲਈ ਸੂਬੇ ਦੀਆਂ ਯੂਨੀਵਰਸਿਟੀਆਂ ਵਿੱਚ ਵਾਈਸ ਚਾਂਸਲਰ ਵਜੋਂ ਅਜਿਹੇ ਵਿਅਕਤੀਆਂ ਦੀ ਨਿਯੁਕਤੀ ਕਰਨ ਦੀ ਲੋੜ ਹੈ, ਜਿਹੜੇ ਇਮਾਨਦਾਰ, ਵਿਵੇਕਸ਼ੀਲ ਤੇ ਚੰਗੀ ਦਿੱਖ ਵਾਲੇ ਹੋਣ। ਉਨ੍ਹਾਂ ਅਫ਼ਸੋਸ ਪ੍ਰਗਟਾਇਆ ਕਿ ਰਾਜਪਾਲ, ਜਿਹੜੇ ਸੂਬੇ ਨਾਲ ਸਬੰਧਤ ਨਹੀਂ ਹਨ, ਇੱਥੋਂ ਦੇ ਇਤਿਹਾਸ ਤੇ ਸੱਭਿਆਚਾਰ ਬਾਰੇ ਜਾਣੂੰ ਨਾ ਹੋਣ ਕਾਰਨ ਬੇਲੋੜੇ ਅੜਿੱਕੇ ਖੜ੍ਹੇ ਕਰ ਰਹੇ ਹਨ। ਭਗਵੰਤ ਮਾਨ ਨੇ ਕਿਹਾ ਕਿ ਇਹ ਕਿੰਨੀ ਅਚੰਭੇ ਵਾਲੀ ਗੱਲ ਹੈ ਕਿ ਰਾਜਪਾਲ ਸੂਬੇ ਬਾਰੇ ਕੁੱਝ ਨਹੀਂ ਜਾਣਦੇ ਪਰ ਉਨ੍ਹਾਂ ਕੋਲ ਵੀ.ਸੀ. ਨਿਯੁਕਤ ਕਰਨ ਦੀ ਤਾਕਤ ਹੋਣਾ ਪੂਰੀ ਤਰ੍ਹਾਂ ਨਾਵਾਜਬ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਹਿੱਤਾਂ ਦੀ ਰਾਖੀ ਦੇ ਉਲਟ ਪੰਜਾਬ ਦੇ ਰਾਜਪਾਲ ਅਕਸਰ ਦੂਜੇ ਬੰਨ੍ਹੇ ਖੜ੍ਹੇ ਦਿਖਾਈ ਦਿੰਦੇ ਹਨ। ਪੰਜਾਬ ਯੂਨੀਵਰਸਿਟੀ ਦੇ ਮਸਲੇ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਤੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਕਰਨ ਦੀ ਬਜਾਏ ਰਾਜਪਾਲ ਨੇ ਯੂਨੀਵਰਸਿਟੀ ਦੇ ਸੈਨੇਟ ਵਿੱਚ ਦਾਖ਼ਲੇ ਬਾਰੇ ਹਰਿਆਣਾ ਦੇ ਰੁਖ਼ ਦਾ ਪੱਖ ਪੂਰਿਆ। ਭਗਵੰਤ ਮਾਨ ਨੇ ਕਿਹਾ ਕਿ ਇਹ ਬਹੁਤ ਅਜੀਬ ਸਥਿਤੀ ਹੈ ਕਿਉਂਕਿ ਰਾਜਪਾਲ ਦਿੱਲੀ ਵਿੱਚ ਬੈਠੇ ਆਪਣੇ ਸਿਆਸੀ ਆਕਾਵਾਂ ਨੂੰ ਖ਼ੁਸ਼ ਕਰਨ ਲਈ ਇਹ ਸਾਰੇ ਢਕਵੰਜ ਕਰ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਸੂਬੇ ਦੇ ਲੋਕਾਂ ਦੇ ਉਸ ਫਤਵੇ ਦੀ ਸਿੱਧੀ ਨਿਰਾਦਰੀ ਹੈ, ਜਿਸ ਰਾਹੀਂ ਲੋਕਾਂ ਨੇ ਆਪਣੀ ਭਲਾਈ ਲਈ ਕੰਮ ਕਰਨ ਵਾਸਤੇ ਸੂਬਾ ਸਰਕਾਰ ਨੂੰ ਚੁਣਿਆ ਹੈ। ਉਨ੍ਹਾਂ ਕਿਹਾ ਕਿ ਪੱਛਮੀ ਬੰਗਾਲ ਸਰਕਾਰ ਵੱਲੋਂ ਇਸ ਸਬੰਧੀ ਪਹਿਲਾਂ ਹੀ ਪਾਸ ਕੀਤੇ ਬਿੱਲ ਦੀ ਤਰਜ਼ ਉਤੇ ਪੰਜਾਬ ਸਰਕਾਰ ਨੇ ਇਹ ਬਿੱਲ ਬਣਾਇਆ ਹੈ, ਜਿਹੜਾ ਯੂਨੀਵਰਸਿਟੀਆਂ ਦੇ ਚਾਂਸਲਰਾਂ ਦੀਆਂ ਸ਼ਕਤੀਆਂ ਮੁੱਖ ਮੰਤਰੀ ਨੂੰ ਮੁਹੱਈਆ ਕਰੇਗਾ। ਭਗਵੰਤ ਮਾਨ ਨੇ ਕਿਹਾ ਕਿ ਇਸ ਐਕਟ ਦੇ ਲਾਗੂ ਹੋਣ ਨਾਲ ਰਾਜਪਾਲ ਦੀ ਥਾਂ ਮੁੱਖ ਮੰਤਰੀ ਸੂਬੇ ਦੀਆਂ ਯੂਨੀਵਰਸਿਟੀਆਂ ਦੇ ਚਾਂਸਲਰ ਹੋਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਰੋਜ਼ਾਨਾ ਦੇ ਕੰਮਕਾਜ ਵਿੱਚ ਰਾਜਪਾਲ ਦੀ ਦਖ਼ਲਅੰਦਾਜ਼ੀ ਦੀ ਕੋਈ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੀ ਰਵਾਇਤੀ ਸ਼ਾਨ ਬਹਾਲ ਕਰਨ ਲਈ ਹਰੇਕ ਕਦਮ ਚੁੱਕੇਗੀ।

# ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਵੱਲੋਂ ਸਿੱਖ ਗੁਰਦੁਆਰਾ ਐਕਟ 1925 ਵਿਚ ਛੇੜਛਾੜ ਕਰਨ ਦਾ ਸਖ਼ਤ ਵਿਰੋਧ

ਚੰਡੀਗੜ੍ਹ, 20 ਜੂਨ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਸਾਬਕਾ ਕੈਬਿਨੇਟ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਦੇ ਪ੍ਰਸਾਰਣ ਅਤੇ ਸਿੱਖ ਗੁਰਦੁਆਰਾ ਐਕਟ 1925 ਵਿਚ ਛੇੜਛਾੜ ਕਰਨ ਦੇ ਕੀਤੇ ਗਏ ਫੈਸਲੇ ਦਾ ਸਖ਼ਤ ਵਿਰੋਧ ਕੀਤਾ ਹੈ। ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਅਜਿਹਾ ਕਰਕੇ ਮਾਨ ਸਰਕਾਰ ਸਿੱਧੇ ਤੌਰ 'ਤੇ ਸਿੱਖ ਮਸਲਿਆਂ ਵਿਚ ਦਖ਼ਲਅੰਦਾਜੀ ਕਰ ਰਹੀ ਹੈ। ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਮਾਨ ਸਰਕਾਰ ਨੂੰ ਅਜਿਹਾ ਕਰਨ ਤੋਂ ਨਾ ਰੋਕਿਆ ਗਿਆ ਤਾਂ ਭਵਿੱਖ ਵਿਚ ਵੀ ਸਰਕਾਰਾਂ ਦੇ ਸਿੱਖ ਮਸਲਿਆਂ ਵਿਚ ਦਖਲਅੰਦਾਜੀ ਕਰਨ ਦੇ ਰਾਹ ਖੁੱਲ੍ਹ ਜਾਣਗੇ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦਾ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਵਿਚ ਸਿੱਖ ਗੁਰਦੁਆਰਾ ਸੋਧ ਬਿੱਲ ਪਾਸ ਕਰਨਾ ਪੂਰੀ ਤਰ੍ਹਾਂ ਗੈਰ-ਕਾਨੂੰਨੀ ਅਤੇ ਗੈਰ-ਸੰਵਿਧਾਨਕ ਹੈ।

## ਮਾਨ ਸਰਕਾਰ ਦਾ ਇਹ ਫੈਸਲਾ ਸਿੱਧੇ ਤੌਰ 'ਤੇ ਸਿੱਖ ਮਸਲਿਆਂ ਵਿਚ ਦਖ਼ਲਅੰਦਾਜ਼ੀ : ਪਰਮਿੰਦਰ ਸਿੰਘ ਢੀਂਡਸਾ



ਢੀਂਡਸਾ ਨੇ ਅੱਗੇ ਕਿਹਾ ਕਿ ਮਾਨ ਸਰਕਾਰ ਦੇ ਇਸ ਫੈਸਲੇ ਲਈ ਸੁਖਬੀਰ ਸਿੰਘ ਬਾਦਲ ਵੀ ਬਰਾਬਰ ਦੇ ਜ਼ਿੰਮੇਵਾਰ ਹਨ ਕਿਉਂਕਿ ਉਨ੍ਹਾਂ ਵੱਲੋਂ ਸਿਰਫ਼ ਇਕ ਚੈਨਲ ਨੂੰ ਹੀ ਗੁਰਬਾਣੀ ਦੇ ਪ੍ਰਸਾਰਣ ਦੇ ਸਾਰੇ ਅਧਿਕਾਰ ਦਿੱਤੇ ਗਏ ਹਨ ਅਤੇ ਜੇਕਰ ਉਹ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵਲੋਂ ਐਸਜੀਪੀਸੀ ਦੇ ਆਪਣਾ ਚੈਨਲ ਸ਼ੁਰੂ ਕਰਨ ਦੀ ਗੱਲ ਮੰਨ ਲੈਂਦੇ ਤਾਂ ਮਾਨ ਸਰਕਾਰ ਦੀ ਸਿੱਖ ਮਸਲਿਆਂ ਵਿਚ ਦਖ਼ਲਅੰਦਾਜ਼ੀ ਕਰਨ ਦੀ ਹਿੰਮਤ ਨਹੀ ਹੋਣੀ ਸੀ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੇ ਗੁਰਬਾਣੀ ਪ੍ਰਸਾਰਣ 'ਤੇ ਸਿਰਫ ਇਕ ਚੈਨਲ ਦੀ ਹੀ ਅਜਾਰੇਦਾਰੀ ਕਾਇਮ ਰੱਖਣ ਦੇ ਸਵਾਰਥ ਨੇ ਮਾਨ ਸਰਕਾਰ ਨੂੰ ਸਿੱਖ ਮਸਲਿਆਂ ਵਿਚ ਦਖ਼ਲਅੰਦਾਜ਼ੀ ਕਰਨ ਦਾ ਮੌਕਾ ਦਿੱਤਾ ਹੈ। ਜਿਸ ਨਾਲ ਸਿੱਖ ਕੌਮ ਦਾ ਬਹੁਤ ਵੱਡਾ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਹਾਲੇ ਇਹ ਸ਼ੁਰੂਆਤ ਹੈ ਅਤੇ ਜੇਕਰ ਇਸ ਦਾ ਵਿਰੋਧ ਨਾ ਕੀਤਾ ਗਿਆ ਤਾਂ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਸਿੱਖ ਮਸਲਿਆਂ ਵਿਚ ਦਖ਼ਲਅੰਦਾਜੀ ਹੋਰ ਵਧੇਗੀ।


# NEEDED FULL-TIME CONSTRUCTION WORKER

*(Required Canadian Citizen or Permanent Resident)*

**Decon Construction Inc. is a small business in Brampton, ON L6X 2M1. We are professional, fast-paced, and demanding.** We are looking for a Construction Worker to join our team and assist in the completion of various construction projects. The ideal candidate for this position will have experience in the construction industry, be able to lift heavy objects, and have a strong work ethic. The successful candidate will be responsible for a variety of tasks, including demolition, digging trenches, mixing concrete, and cleaning up job sites.

**Responsibilities:**
- Load, unload and transport construction materials
- Operate mobile and tower cranes to lift, move, position or place equipment and materials
- Clean and lubricate cranes
- Erect and dismantle concrete forms, scaffolding, ramps, catwalks shoring and barricades
- Operate pile driving cranes to drive pilings into earth to provide support for buildings and other structures
- Mix, pour and spread materials
- Operate cranes equipped with dredging attachments to dredge waterways and other areas
- Assemble tower cranes on site
- Assist heavy equipment operators
- Operate gantry cranes to load and unload ship cargo at port side
- Assist in drilling and blasting rock on construction sites
- Assist in framing houses, erecting walls and building roofs
- Level earth to fine grade specifications
- Assist in demolishing buildings
- Perform pre-operational inspection, and calculate crane capacities and weight to prepare for rigging and hoisting
- Perform routine maintenance work
- Clean up chemical spills and other contaminants
- Remove rubble and other debris at construction sites
- Tend or feed machines or equipment used in construction
- Direct traffic at or near construction sites
- Read and interpret blueprints

**Additional Information**
Work conditions and physical capabilities
- Fast-paced environment
- Work under pressure
- Physically demanding
- Handling heavy loads
- Hand-eye co-ordination

**Personal suitability**
- Dependability
- Flexibility
- Reliability
- Team player

**Experience**
Experience an asset
Work site environment
- Outdoors
- At heights
- Noisy

**Job Type: Full-time**
**Salary: $27.00 per hour**

**Benefits:**
- Paid time off

**Flexible Language Requirement:**
- French not required

**Language:**
- English (preferred)

**Schedule:**
- Monday to Friday

**Supplemental pay types:**
- Overtime pay

**Ability to commute/relocate:**
- Brampton, ON L6X 2M1: reliably commute or plan to relocate before starting work (required)

**Experience:**
- construction (preferred)

**Shift availability:**
- Day Shift (preferred)

**Work Location:** In person

**Submit Resume:**
**naeem@decongroup.ca**

# ਪੀਲ ਰੀਜਨ ਪੁਲੀਸ ਵੱਲੋਂ ਕਰਵਾਈ ਗਈ '22ਵੀਂ ਰੇਸ ਅਗੇਨਸਟ ਰੇਸਿਜ਼ਮ' ਵਿਚ ਟੀਪੀਏਆਰ ਕਲੱਬ ਦੇ 65 ਮੈਂਬਰਾਂ ਨੇ ਲਿਆ ਹਿੱਸਾ

ਬਰੈਂਪਟਨ, (ਡਾ. ਝੰਡ) - ਲੰਘੇ 10 ਜੂਨ ਨੂੰ ਪੀਲ ਰੀਜਨ ਪੋਲੀਸ ਵੱਲੋਂ ਕਰਵਾਈ ਗਈ '22ਵੀਂ ਰੇਸ ਅਗੇ-ਨਸਟ ਰੇਸਿਜ਼ਮ' ਵਿਚ ਟੋਰਾਂਟੋ ਪੀਅਰਸਨ ਏਅਰਪੋਰਟ ਰੱਨਰਜ਼ ਕਲੱਬ (ਟੀਪੀਏਆਰ ਕਲੱਬ) ਦੇ 65 ਮੈਂਬਰਾਂ ਨੇ ਬੜੀ ਸਰਗਰਮੀ ਨਾਲ ਭਾਗ ਲਿਆ। ਜ਼ਿਕਰਯੋਗ ਹੈ ਕਿ ਇਸ ਈਵੈਂਟ ਵਿੱਚ ਲੱਗਭੱਗ 900 ਦੌੜਾਕਾਂ ਨੇ ਹਿੱਸਾ ਲਿਆ ਅਤੇ ਉਨ੍ਹਾਂ ਵਿਚ ਸੱਭ ਤੋਂ ਵੱਡਾ ਗਰੁੱਪ ਟੀਪੀਏਆਰ ਕਲੱਬ ਦੇ ਮੈਂਬਰਾਂ ਦਾ ਸੀ ਜੋ ਆਪਣੀ ਕਲੱਬ ਦੀਆਂ ਸੰਧੂਰੀ ਰੰਗ ਦੀਆਂ ਟੀ-ਸ਼ਰਟਾਂ ਅਤੇ ਬਲੰਬਰੀ ਦਸਤਾਰਾਂ ਤੋਂ ਦੂਰੋਂ ਹੀ ਪਛਾਣਿਆਂ ਜਾ ਰਿਹਾ ਸੀ।





ਪੀਲ ਪੋਲੀਸ ਦੇ ਇਸ ਈਵੈਂਟ ਦੇ ਆਯੋਜਕਾਂ ਵੱਲੋਂ ਸਾਰੇ ਦੌੜਾਕਾਂ ਨੂੰ ਤਿੰਨ ਉਮਰ ਵਰਗਾਂ ਵਿੱਚ ਵੰਡਿਆ ਗਿਆ। ਪਹਿਲੇ ਵਰਗ ਵਿਚ 18 ਸਾਲ ਤੋਂ ਘੱਟ ਉਮਰ ਦੇ ਬੱਚੇ ਅਤੇ ਨੌਜੁਆਨ ਸਨ। ਦੂਸਰਾ ਵਰਗ 18 ਸਾਲ ਤੋਂ 60 ਸਾਲ ਦੀ ਉਮਰ ਵਾਲਿਆਂ ਦਾ ਸੀ, ਜਦਕਿ ਤੀਸਰਾ ਵਰਗ 60 ਸਾਲ ਤੋਂ ਉੱਪਰ ਉਮਰ ਵਾਲੇ ਸੀਨੀਅਰਾਂ ਦਾ ਸੀ। ਇੱਥੇ ਇਹ ਦੱਸਣਾ ਬਣਦਾ ਹੈ ਕਿ ਦੂਸਰੇ ਉਮਰ ਵਰਗ ਵਿੱਚ ਟੀਪੀਏਆਰ ਕਲੱਬ ਦਾ ਨੌਜੁਆਨ ਮੈਂਬਰ ਏਕਨੂਰ ਗਿੱਲ ਦੂਸਰੇ ਨੰਬਰ 'ਤੇ ਆਇਆ ਅਤੇ ਸੀਨੀਅਰਜ਼ ਵਾਲੇ ਤੀਸਰੇ ਉਮਰ ਵਿਚ ਇਸ ਕਲੱਬ ਦਾ ਸੀਨੀਅਰ ਮੈਂਬਰ ਧਿਆਨ ਸਿੰਘ ਸੋਹਲ ਪਹਿਲੇ ਨੰਬਰ 'ਤੇ ਅਤੇ ਕਲੱਬ ਦਾ ਇੱਕ ਹੋਰ ਮੈਂਬਰ ਸੁਰਿੰਦਰ ਸਿੰਘ ਨਾਗਰਾ ਤੀਸਰੇ ਨੰਬਰ 'ਤੇ ਰਹੇ।







ਇਸ ਤਰ੍ਹਾਂ ਇਸ ਈਵੈਂਟ ਵਿੱਚ ਟੀਪੀਏਆਰ ਕਲੱਬ ਦੀ ਕਾਰਗੁਜ਼ਾਰੀ ਗਿਣਾਤਮਿਕ ਅਤੇ ਗੁਣਾਤਮਿਕ ਦੋਹਾਂ ਪੱਖਾਂ ਤੋਂ ਹੀ ਬਹੁਤ ਵਧੀਆ ਰਹੀ। ਇਸ ਦਾ ਸਿਹਰਾ ਇਸ ਕਲੱਬ ਦੇ ਚੇਅਰਪਰਸਨ ਸੰਧੂਰਾ ਸਿੰਘ ਬਰਾੜ ਅਤੇ ਉਨ੍ਹਾਂ ਦੀ ਅਗਵਾਈ ਵਿੱਚ ਚੱਲ ਰਹੀ ਕਲੱਬ ਦੀ ਸਮੂਹ ਮੈਨੇਜਮੈਂਟ ਤੇ ਕਲੱਬ ਦੇ ਮੈਂਬਰਾਂ ਨੂੰ ਜਾਂਦਾ ਹੈ ਜੋ ਪਿਛਲੇ ਇੱਕ ਦਹਾਕੇ ਤੋਂ ਵੀ ਵਧੇਰੇ ਸਮੇਂ ਤੋਂ ਇਸ ਕਲੱਬ ਵਿਚ ਪੂਰੀ ਤਨਦੇਹੀ ਨਾਲ ਕੰਮ ਕਰਦੇ ਹੋਏ ਸਖ਼ਤ ਮਿਹਨਤ ਕਰ ਰਹੇ ਹਨ ਅਤੇ ਜੀਟੀਏ ਦੇ ਦੂਰ-ਨੇੜੇ ਦੇ ਸ਼ਹਿਰਾਂ ਵਿਚ ਹੋਣ ਵਾਲੇ ਦੌੜ ਦੇ ਈਵੈਂਟਾਂ ਵਿੱਚ ਲਗਾਤਾਰ ਭਾਗ ਲੈ ਰਹੇ ਹਨ। ਪ੍ਰਮਾਤਮਾ ਦੀ ਕਿਰਪਾ ਨਾਲ ਕਲੱਬ ਸਾਲੋ-ਸਾਲ ਚੜ੍ਹਦੀ ਕਲਾ ਵਿਚ ਜਾ ਰਹੀ ਹੈ।


NEED A LAWYER ??
KAUR LAW OFFICE
Red Seal NOTARY
MANJEET KAUR
LL.B., (London UK) Barrister, Solicitor & Notary Public
REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage
IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application
FAMILY LAWYER
- Child & Spousal support
- Custody & Access
- Divorce
- Equalization
BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits
WILLS & ESTATE
- Wills
- Certificate of Estate Trustee with/without Will
- Power of attorney for Property & Personal Care
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1



## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।



ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202



Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202


## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਜੱਟ ਸਿੱਖ ਸੰਧੂ ਲੜਕਾ, ਉਮਰ 33 ਸਾਲ, ਕੱਦ 5 ਫੁਟ, 11 ਇੰਚ, 12ਵੀਂ ਪਾਸ, ਵਰਕ ਪਰਮਿਟ ਦੋ ਸਾਲ, ਬ੍ਰੈਂਪਟਨ, ਪਿਤਾ ਵੀ ਇੱਥੇ, ਮਾਤਾ ਵੀ ਆ ਰਹੀ ਹੈ। ਇਕਲੌਤਾ ਲੜਕਾ, ਚੰਗੀ ਜਾਇਦਾਦ, ਨਸ਼ਿਆਂ ਤੋਂ ਬਿਲਕੁਲ ਰਹਿਤ, ਭੂਆਂ ਕੋਲ ਰਹਿੰਦਾ ਹੈ, ਲਈ ਯੋਗ ਲੜਕੀ ਸਿਟੀਜ਼ਨ, ਪੀ.ਆਰ. ਹੋਵੇ। ਹੋਣ ਜਾਣਕਾਰੀ ਲਈ ਸੰਪਰਕ ਕਰੋ: 647-631-9445

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੇਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com


You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca



Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976



A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ



STARLANE PAINTING
Residential • Commercial • Industrial
• Hotel • Motel • Exterior
• Interior • Spray Pointing
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ



ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਬ੍ਰਿਟਿਸ਼ ਔਰਤ ਨਾਲ ਬਲਾਤਕਾਰ ਕਰਨ ਵਾਲੇ ਭਾਰਤੀ ਵਿਦਿਆਰਥੀ ਨੂੰ ਜੇਲ੍ਹ

## ਨਸ਼ੇ ਦੀ ਹਾਲਤ ਵਿੱਚ ਵਿਕਟਿਮ ਨੂੰ ਆਪਣੇ ਫਲੈਟ ’ਤੇ ਲੈ ਗਿਆ ਸੀ

ਲੰਡਨ, 20 ਜੂਨ (ਪੋਸਟ ਬਿਊਰੋ): ਬ੍ਰਿਟੇਨ ਵਿਚ ਔਰਤ ਨਾਲ ਬਲਾਤਕਾਰ ਕਰਨ ਵਾਲੇ ਭਾਰਤੀ ਵਿਦਿਆਰਥੀ ਨੂੰ 6 ਸਾਲ ਤੋਂ ਜ਼ਿਆਦਾ ਜੇਲ੍ਹ ਵਿਚ ਰਹਿਣਾ ਪਵੇਗਾ। ਘਟਨਾ ਪਿਛਲੇ ਸਾਲ ਜੂਨ ਦੀ ਹੈ। 20 ਸਾਲਾ ਭਾਰਤੀ ਵਿਦਿਆਰਥੀ ਦਾ ਨਾਮ ਪ੍ਰੀਤ ਵਿਕਲ ਹੈ।



20 ਸਾਲਾ ਪ੍ਰੀਤ ਵਿਕਲ ਬਾਰੇ ਜ਼ਿਆਦਾ ਜਾਣਕਾਰੀ ਸਾਹਮਣੇ ਨਹੀਂ ਆਈ ਹੈ। ਇਹ ਫੋਟੋ ਬ੍ਰਿਟਿਸ਼ ਪੁਲਸ ਨੇ ਜਾਰੀ ਕੀਤੀ ਹੈ।

ਵਿਕਲ ਅਤੇ ਔਰਤ ਦੀ ਮੁਲਾਕਾਤ ਕਾਰਡਿਫ ਦੇ ਨਾਈਟ ਕਲੱਬ ਵਿਚ ਹੋਈ ਸੀ। ਇੱਥੇ ਔਰਤ ਨੇ ਜ਼ਿਆਦਾ ਸ਼ਰਾਬ ਪੀ ਲਈ ਸੀ ਅਤੇ ਉਹ ਹੋਸ਼ ਵਿਚ ਨਹੀਂ ਸੀ। ਵਿਕਲ ਉਸਨੂੰ ਆਪਣੇ ਫਲੈਟ ਵਿਚ ਲੈ ਗਿਆ ਅਤੇ ਉੱਥੇ ਬਲਾਤਕਾਰ ਕੀਤਾ। ਔਰਤ ਨੂੰ ਗੋਦ ਵਿਚ ਚੁੱਕਕੇ ਲਿਜਾਂਦੇ ਹੋਏ ਵਿਕਲ ਦੇ ਫੁਟੇਜ ਵੀ ਸਾਹਮਣੇ ਆਏ ਸਨ। ਇਨ੍ਹਾਂ ਦੇ ਜ਼ਰੀਏ ਉਸਦੀ ਪਹਿਚਾਣ ਹੋਈ।

ਸਾਊਥ ਵੇਲਸ ਪੁਲਿਸ (ਕਾਰਡਿਫ) ਨੇ ਸੋਸ਼ਲ ਮੀਡੀਆ ’ਤੇ ਪ੍ਰੀਤ ਵਿਆਕੁਲ ਨੂੰ ਸਜ਼ਾ ਸੁਣਾਏ ਜਾਣ ਦੀ ਜਾਣਕਾਰੀ ਦਿੱਤੀ ਹੈ। ਘਟਨਾ 4 ਜੂਨ 2022 ਦੀ ਹੈ। ਇਸ ਦਿਨ ਪ੍ਰੀਤ ਅਤੇ ਉਸਦੇ ਕੁਝ ਦੋਸਤ ਕਾਰਡਿਫ ਦੇ ਇੱਕ ਨਾਈਟ ਕਲੱਬ ਗਏ ਸਨ।

ਇਸ ਨਾਇਟ ਕਲੱਬ ਵਿਚ ਵਿਕਟਿਮ ਵੀ ਦੋਸ਼ਤਾਂ ਨਾਲ ਮੌਜੂਦ ਸੀ। ਇੱਥੇ ਦੋਨਾਂ ਦੀ ਪਹਿਚਾਣ ਹੋਈ। ਕੁਝ ਘੰਟਿਆਂ ਬਾਅਦ ਵਿਕਲ ਜਦੋਂ ਨਾਈਟ ਕਲੱਬ ਤੋਂ ਬਾਹਰ ਨਿਕਲਿਆ ਤਾਂ ਉਸਨੂੰ ਵਿਕਟਿਮ ਬਾਹਰ ਮਿਲੀ। ਉਸ ਸਮੇਂ ਉਹ ਕਾਫ਼ੀ ਨਸ਼ੇ ਵਿਚ ਸੀ ਅਤੇ ਖੜ੍ਹੇ ਹੋਣ ਦੀ ਹਾਲਤ ਵਿਚ ਵੀ ਨਹੀਂ ਸੀ।

ਵਿਕਲ ਨੇ ਉਸਨੂੰ ਮੱਦਦ ਦੀ ਪੇਸ਼ਕਸ਼ ਕੀਤੀ। ਇਸਤੋਂ ਬਾਅਦ ਕਦੇ ਗੋਦ ਤਾਂ ਕਦੇ ਮੋਡੇ ’ਤੇ ਚੁੱਕਕੇ ਉਹ ਔਰਤ ਨੂੰ ਆਪਣੇ ਨਾਲ ਲੈ ਗਿਆ। ਪੁਲਿਸ ਨੇ ਵਿਕਟਿਮ ਅਤੇ ਵਿਕਲ ਦੇ ਫੁਟੇਜ ਵੀ ਜਾਰੀ ਕੀਤੇ ਹਨ।

ਵਿਕਲ ਇਸ ਔਰਤ ਨੂੰ ਨਾਰਥ ਇਲਾਕੇ ਵਿਚ ਮੌਜੂਦ ਆਪਣੇ ਫਲੈਟ ’ਤੇ ਲੈ ਗਿਆ। ਉਸ ਸਮੇਂ ਤੱਕ ਸਵੇਰ ਹੋ ਚੁੱਕੀ ਸੀ। ਮਾਮਲੇ ਦੀ ਜਾਂਚ ਕਰਨ ਵਾਲੇ ਡਿਟੈਕਟਿਵ ਨਿਕ ਵੁਡਲੈਂਡ ਨੇ ਕਿਹਾ ਕਿ ਕਾਰਡਿਫ ਇਲਾਕੇ ਵਿਚ ਇਸ ਤਰ੍ਹਾਂ ਦੇ ਅਪਰਾਧ ਨਹੀਂ ਹੁੰਦੇ। ਪ੍ਰੀਤ ਵਿਕਲ ਇੱਕ ਖਤਰਨਾਕ ਸ਼ਖਸ ਹੈ। ਉਸਨੇ ਇੱਕ ਅਜਿਹੀ ਔਰਤ ਨੂੰ ਸ਼ਿਕਾਰ ਬਣਾਇਆ ਜੋ ਨਸ਼ੇ ਵਿਚ ਸੀ ਅਤੇ ਆਪਣੇ ਦੋਸਤਾਂ ਤੋਂ ਅਲੱਗ ਹੋ ਗਈ ਸੀ।

ਪੁਲਸ ਨੇ ਇਸ ਮਾਮਲੇ ਵਿਚ ਇਲਾਕੇ ਦੇ ਤਮਾਮ ਸੀਸੀਟੀਵੀ ਫੁਟੇਜ ਖੰਗਾਲੇ ਅਤੇ ਇਹੀ ਫੁਟੇਜ ਆਖਿਰਕਾਰ ਵਿਕਲ ਖਿਲਾਫ ਸਭਤੋਂ ਅਹਿਮ ਸਬੂਤ ਸਾਬਤ ਹੋਏ। ਘਟਨਾ ਤੋਂ ਬਾਅਦ ਵਿਕਟਿਮ ਅਤੇ ਵਿਕਲ ਵਿਚਕਾਰ ਇੰਸਟਾਗ੍ਰਾਮ ’ਤੇ ਮੈਸੇਜ ਐਕਸਚੇਂਜ ਵੀ ਹੋਏ। ਇਨ੍ਹਾਂ ਕਾਰਨ ਹੀ ਉਸਦੀ ਠੀਕ ਪਹਿਚਾਣ ਸਾਹਮਣੇ ਆ ਸਕੀ।

ਪੁਲਿਸ ਮੁਤਾਬਕ ਵਿਕਲ ਅਤੇ ਵਿਕਟਿਮ ਦੇ ਕੁਝ ਫੋਟੋ ਵੀ ਸਾਹ-ਮਣੇ ਆਏ ਹਨ। ਇੱਕ ਰਿਪੋਰਟ ਵਿਚ ਕਿਹਾ ਗਿਆ ਹੈ ਕਿ ਔਰਤ ਜਦੋਂ ਹੋਸ਼ ਵਿਚ ਆਈ ਤਾਂ ਉਸਨੂੰ ਆਪਣੀ ਗਲਤੀ ਦਾ ਅਹਿਸਾਸ ਹੋਇਆ। ਬਾਅਦ ਵਿਚ ਉਸਨੇ ਆਪਣੇ ਨਾਲ ਹੋਈ ਘਟਨਾ ਦੀ ਤਮਾਮ ਜਾਣਕਾਰੀ ਪੁਲਸ ਨੂੰ ਦਿੱਤੀ। ਇਸਦੇ ਬਾਅਦ ਪੁਲਿਸ ਨੇ ਜਾਂਚ ਸ਼ੁਰੂ ਕੀਤੀ। ਪੁਲਸ ਨੂੰ ਦਿੱਤੇ ਬਿਆਨ ਵਿਚ ਵਿਕਟਿਮ ਨੇ ਕਿਹਾ ਕਿ ਮੈਂ ਇਸ ਘਟਨਾ ਤੋਂ ਬਾਅਦ ਇਨਾ ਡਰ ਗਈ ਸੀ ਕਿ ਪੰਜ ਮਹੀਨੇ ਤੱਕ ਆਪਣੇ ਕਿਸੇ ਦੋਸਤ ਨਾਲ ਘਰੋਂ ਬਾਹਰ ਨਹੀਂ ਗਈ। ਔਰਤ ਦਾ ਦੋਸ਼ ਹੈ ਕਿ ਵਿਕਲ ਨੇ ਆਪਣੇ ਫਲੈਟ ਦੇ ਬੈੱਡ ’ਤੇ ਵਿਕਟਿਮ ਨਾਲ ਇੱਕ ਫੋਟੋ ਵੀ ਕਲਿਕ ਕੀਤਾ ਸੀ।

# ਬਿਹਾਰ ਦੇ ਸਾਬਕਾ ਮੁੱਖ ਮੰਤਰੀ ਜੀਤਨਰਾਮ ਮਾਂਝੀ ਦੀ ਪਾਰਟੀ ਨੇ ਨਿਤੀਸ਼ ਸਰਕਾਰ ਤੋਂ ਸਮਰਥਨ ਵਾਪਿਸ ਲਿਆ



ਪਟਨਾ, 20 ਜੂਨ (ਪੋਸਟ ਬਿਊਰੋ): ਬਿਹਾਰ ਦੇ ਸਾਬਕਾ ਮੁੱਖ ਮੰਤਰੀ ਜੀਤਨਰਾਮ ਮਾਂਝੀ ਦੀ ਪਾਰਟੀ ਹਿੰਦੁਸਤਾਨੀ ਆਵਾਮ ਮੋਰਚਾ (ਹਮ) ਨੇ ਸੋਮਵਾਰ ਨੂੰ ਰਾਜ ਦੀ ਨਿਤੀਸ਼ ਕੁਮਾਰ ਸਰਕਾਰ ਤੋਂ ਆਪਣਾ ਸਮਰਥਨ ਵਾਪਿਸ ਲੈ ਲਿਆ ਅਤੇ ਇੱਕ ਪੱਤਰ ਰਾਜਪਾਲ ਰਜਿੰਦਰ ਅਰਲੇਕਰ ਨੂੰ ਸੌਂਪ ਦਿੱਤਾ ਹੈ। ‘ਹਮ' ਦੇ ਰਾਸ਼ਟਰੀ ਪ੍ਰਧਾਨ ਮਾਂਝੀ ਨੇ ਆਪਣੇ ਪੁੱਤਰ ਸੰਤੋਸ਼ ਸੁਮਨ ਨਾਲ ਸੋਮਵਾਰ ਨੂੰ ਰਾਜਪਾਲ ਨਾਲ ਮੁਲਾਕਾਤ ਕੀਤੀ। ਮਾਂਝੀ ਨੇ ਪੱਤਰਕਾਰਾਂ ਨੂੰ ਕਿਹਾ ਕਿ ਉਹ ਭਵਿੱਖ ਦੇ ਵਿਕਲਪਾਂ ’ਤੇ ਸਲਾਹ ਮਸ਼ਵਰੇ ਲਈ ਅਗਲੇ ਕੁਝ ਦਿਨਾਂ ਤੱਕ ਦਿੱਲੀ ਵਿਚ ਰਹਿਣਗੇ ਅਤੇ ਉਸ ਦੌਰਾਨ ਉਹ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਸਮੇਤ ਰਾਸ਼ਟਰੀ ਜਨਤਾਂਤਰਿਕ ਗਠਜੋੜ (ਰਾਜਗ) ਦੇ ਨੇਤਾਵਾਂ ਨੂੰ ਮਿਲਣ ਦੀ ਕੋਸ਼ਿਸ਼ ਕਰਨਗੇ।

ਮਾਂਝੀ, ਸੁਮਨ ਅਤੇ ਪਾਰਟੀ ਦੇ ਵਿਧਾਇਕ ਜਦੋਂ ਤੱਕ ਰਾਜਭਵਨ ਦੇ ਬਾਹਰ ਰਹੇ, ‘ਹਮ' ਦੇ ਸਮਰਥਕ ਨਿਤੀਸ਼ ਕੁਮਾਰ ਖਿਲਾਫ ਨਾਅਰੇਬਾਜ਼ੀ ਕਰਦੇ ਰਹੇ। ਬਿਹਾਰ ਵਿਧਾਨਸਭਾ ਵਿਚ ‘ਹਮ' ਦੇ ਮਾਂਝੀ ਸਮੇਤ ਚਾਰ ਵਿਧਾਇਕ ਹਨ ਜਦੋਂਕਿ ਬਿਹਾਰ ਵਿਧਾਨ ਪਰਿਸ਼ਦ ਦੇ ਮੈਂਬਰ ਸੁਮਨ ਨੇ ਇੱਕ ਹਫ਼ਤੇ ਪਹਿਲਾਂ ਰਾਜ ਮੰਤਰੀ ਮੰਡਲ ਤੋਂ ਅਸਤੀਫਾ ਦੇ ਦਿੱਤਾ ਸੀ ਅਤੇ ਦੋਸ਼ ਲਗਾਇਆ ਸੀ ਕਿ ਨਿਤੀਸ਼ ਕੁਮਾਰ ਉਨ੍ਹਾਂ ਦੀ ਪਾਰਟੀ ਦਾ ਜਨਤਾ ਦਲ (ਯੂ) ਵਿਚ ਵਿਲਾ ਕਰਨ ਦਾ ਦਬਾਅ ਪਾ ਰਹੇ ਸਨ। ਸੱਤਾਧਿਰ ਮਹਾਗਠਬੰਧਨ ਕੋਲ ਲਗਭਗ 160 ਵਿਧਾਇਕ ਹਨ। ਇਸ ਗਠਜੋੜ ਵਿਚ ਜਦਿਊ, ਰਾਸ਼ਟਰੀ ਜਨਤਾ ਦਲ (ਰਾਜਦ), ਕਾਂਗਰਸ ਅਤੇ ਤਿੰਨ ਵਾਮ ਦਲ ਸ਼ਾਮਿਲ ਹਨ। 243 ਮੈਂਬਰੀ ਬਿਹਾਰ ਵਿਧਾਨਸਭਾ ਵਿਚ ਬਹੁਮਤ ਲਈ 122 ਵਿਧਾਇਕਾਂ ਦੀ ਜ਼ਰੂਰਤ ਹੁੰਦੀ ਹੈ।

ਰਾਜਭਵਨ ਤੋਂ ਬਾਹਰ ਆਉਣ ’ਤੇ ਮਾਂਝੀ ਨੇ ਪੱਤਰਕਾਰਾਂ ਨੂੰ ਕਿਹਾ ਕਿ ਅੱਜ ਰਾਤ ਮੈਂ ਦਿੱਲੀ ਜਾ ਰਿਹਾ ਹਾਂ ਜਿੱਥੇ ਮੈਂ ਅਗਲੇ ਦੋ-ਤਿੰਨ ਦਿਨ ਬਿਤਾਵਾਂਗਾ। ਮੇਰੇ ਨਾਲ ਸੁਮਨ ਵੀ ਹੋਣਗੇ। ਮੈਨੂੰ ਕੁਝ ਮੈਡੀਕਲ ਜਾਂਚ ਕਰਵਾਉਣੀ ਹੈ। ਅਸੀਂ ਨਵੇਂ ਵਿਚਾਰਾਂ ’ਤੇ ਚਰਚਾ ਕਰਨ ਲਈ ਰਾਜਨੀਤਕ ਨੇਤਾਵਾਂ ਨੂੰ ਮਿਲਣ ਦੀ ਵੀ ਕੋਸ਼ਿਸ਼ ਕਰਾਂਗੇ। ਉਨ੍ਹਾਂ ਨੇ ਇਹ ਵੀ ਕਿਹਾ ਕਿ ਮੈਂ ਗ੍ਰਹਿ ਮੰਤਰੀ ਤੋਂ ਮੁਲਾਕਾਤ ਦਾ ਸਮਾਂ ਮੰਗਾਂਗਾ । ਮੈਂ ਰਾਜਗ ਦੇ ਹੋਰ ਨੇਤਾਵਾਂ ਨਾਲ ਵੀ ਸੰਪਰਕ ਕਰਨ ਦੀ ਕੋਸ਼ਿਸ਼ ਕਰਾਂਗਾਂ। ਇਸਤੋਂ ਪਹਿਲਾਂ ‘ਹਮ' ਦੀ ਰਾਸ਼ਟਰੀ ਕਾਰਜਕਾਰਣੀ ਦੀ ਇੱਕ ਬੈਠਕ ਵਿਚ ਸੁਮਨ ਨੂੰ ਪਾਰਟੀ ਵਲੋਂ ਸਾਰੇ ਫ਼ੈਸਲੇ ਲੈਣ ਲਈ ਅਧਿਕ੍ਰਿਤ ਕੀਤਾ ਗਿਆ ਸੀ ਅਤੇ ਉਨ੍ਹਾਂ ਨੇ ਸਮਰਥਨ ਵਾਪਿਸ ਲੈਣ ਦੇ ਫ਼ੈਸਲੇ ਦੀ ਐਲਾਨ ਕੀਤੀ।

# ਭਗਵਾਨ ਜਗਨਨਾਥ ਦੀ ਰੱਥ ਯਾਤਰਾ ਦੌਰਾਨ ਹਾਦਸਾ, ਇੱਕ ਦੀ ਮੌਤ ਕਈ ਜ਼ਖਮੀ



ਨਵੀਂ ਦਿਲੀ, 20 ਜੂਨ (ਪੋਸਟ ਬਿਊਰੋ): ਗੁਜਰਾਤ ਦੇ ਦਰਿਆਪੁਰ ‘ਚ ਭਗਵਾਨ ਜਗਨਨਾਥ ਰਥ ਯਾਤਰਾ ਦੌਰਾਨ ਹਾਦਸਾ ਵਾਪਰ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਰੱਥ ਯਾਤਰਾ ਦੌਰਾਨ ਇਕ ਇਮਾਰਤ ਦੀ ਬਾਲਕੋਨੀ ਡਿੱਗ ਗਈ, ਹਾਦਸੇ ਵਿੱਚ ਇੱਕ ਵਿਅਕਤੀ ਦੀ ਮੌਤ ਦੀ ਖ਼ਬਰ ਹੈ, ਇਸਦੇ ਨਾਲ ਹੀ ਕਰੀਬ 11 ਜਣੇ ਜ਼ਖਮੀ ਹੋ ਗਏ। ਇਸ ਹਾਦਸੇ ‘ਚ ਤਿੰਨ ਬੱਚੇ ਵੀ ਜ਼ਖਮੀ ਹੋਏ ਹਨਮ ਇਨ੍ਹਾਂ ਸਾਰੀਆਂ ਦਾ ਇਲਾਜ ਨਜ਼ਦੀਕੀ ਹਸਪਤਾਲ ‘ਚ ਕੀਤਾ ਜਾ ਰਿਹਾ ਹੈ . ਇਨ੍ਹਾਂ ਸਾਰਿਆਂ ਨੂੰ ਮਾਮੂਲੀ ਸੱਟਾਂ ਲੱਗੀਆਂ।

ਦੱਸਿਆ ਜਾ ਰਿਹਾ ਹੈ ਕਿ ਇਸ ਇਮਾਰਤ ਦੀ ਹਾਲਤ ਕਾਫੀ ਖ਼ਸਤਾ ਸੀ। ਹਾਲਾਂਕਿ ਇਹ ਸਪੱਸ਼ਟ ਨਹੀਂ ਹੈ ਕਿ ਪ੍ਰਸ਼ਾਸਨ ਵੱਲੋਂ ਇਸ ਮਾਮਲੇ ਵਿੱਚ ਨੋਟਿਸ ਦਿੱਤਾ ਗਿਆ ਸੀ ਜਾਂ ਨਹੀਂ। ਕਈ ਰਿਪੋਰਟਾਂ ਵਿੱਚ ਦਾਅਵਾ ਕੀਤਾ ਜਾ ਰਿਹਾ ਹੈ ਕਿ ਕਾਡਿਆਨਾਕਾ ਨੇੜੇ ਇੱਕ ਪੁਰਾਣੇ ਘਰ ਦਾ ਮਾਲਕ ਤਿੰਨ ਹੋਰ ਰੱਥ ਯਾਤਰਾ ਦੇਖਣ ਲਈ ਖੜ੍ਹੇ ਸਨ। ਇਸ ਦੌਰਾਨ ਅਚਾਨਕ ਸਲੈਬ ਡਿੱਗ ਗਈ ।

# ਸਿਹਤ ਪ੍ਰਤੀ ਜਾਗਰੂਕਤਾ ਲਈ ਸਾਂਝਾ ਰੱਨ-ਕਮ-ਵੱਾਕ ਈਵੈਂਟ ‘ਇੰਸਪੀਰੇਸ਼ਨਲ ਸਟੱਪਸ-2023 ਹੋਵੇਗਾ 16 ਜੁਲਾਈ ਨੂੰ

## ਹੁਣ ਤੱਕ 371 ਲੋਕਾਂ ਨੇ ਕਰਵਾਈ ਰਜਿਸਟ੍ਰੇਸ਼ਨ, ਰਜਿਸਟ੍ਰੇਸ਼ਨ ਲਈ ਆਖ਼ਰੀ ਤਰੀਕ 30 ਜੂਨ

ਬਰੈਂਪਟਨ, (ਡਾ. ਝੰਡ) - ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਬਰੈਂਪਟਨ ਵਿੱਚ ਪਿਛਲੇ ਲੰਮੇਂ ਸਮੇਂ ਤੋਂ ਵਿਚਰ ਰਹੀਆਂ ਪ੍ਰਮੁੱਖ ਸੰਸਥਾਵਾਂ ‘ਟੋਰਾਂਟੋ ਪੀਅਰਸਨ ਏਅਰਪੋਰਟ ਰੱਨਰਜ਼ ਕਲੱਬ’, ‘ਗੁਰੂ ਗੋਬਿੰਦ ਸਿੰਘ ਚਿਲਡਰਨ ਫ਼ਾਊਂਡੇਸ਼ਨ’, ‘ਐੱਨਲਾਈਟ ਕਿੱਡਜ਼ ਫ਼ਾਰ ਐਜੂਕੇਸ਼ਨ’, ‘ਤਰਕਸ਼ੀਲ ਸੋਸਾਇਟੀ ਆਫ਼ ਕੈਨੇਡਾ’, ‘ਐਸੋਸੀਏਸ਼ਨ ਆਫ਼ ਸੀਨੀਅਰਜ਼ ਕਲੱਬਜ਼ ਆਫ਼ ਬਰੈਂਪਰਨ’, ‘ਖਾਲਸਾ ਏਡ’, ‘ਡਰੱਗ ਅਵੇਅਰਨੈੱਸ ਸੋਸਾਇਟੀ’, ‘ਪਿੰਗਲਵਾੜਾ ਸੋਸਾਇਟੀ’ ਅਤੇ ‘ਸਹਾਇਤਾ ਫਾਊਂਡੇਸ਼ਨ’ ਵੱਲੋਂ ਮਿਲ ਕੇ ਸਾਂਝਾ ‘ਰੱਨ-ਕਮ-ਵਾਕ’ ਈਵੈਂਟ ‘ਇੰਸਪੀਰੇਸ਼ਨਲ ਸਟੱਪਸ-202 ਆਯੋਜਿਤ ਕਰਵਾਇਆ ਜਾ ਰਿਹਾ ਹੈ। ਇਹ ਈਵੈਂਟ ਬਰੈਂਪਟਨ ਦੇ ਚਿੰਗੁਆਕੂਜ਼ੀ ਪਾਰਕ ਦੇ ਟੈਰੀਫ਼ਾਕਸ ਟਰੈਕ ਐਂਡ ਫ਼ੀਲਡ ਵਿੱਚ 16 ਜੁਲਾਈ ਨੂੰ ਸਵੇਰੇ 8.30 ਵਜੇ ਆਰੰਭ ਹੋਵੇਗਾ ਅਤੇ ਇਸ ਵਿੱਚ ਭਾਗ ਲੈਣ ਵਾਲਿਆਂ ਲਈ ਰਜਿਸਟ੍ਰੇਸ਼ਨ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀ ਹੈ। ਇਸ ਦੇ ਲਈ ਰਜਿਸਟ੍ਰੇਸ਼ਨ ਫ਼ੀਸ 18 ਸਾਲ ਜਾਂ ਇਸ ਤੋਂ ਵੱਡੇ ਬਾਲਗ਼ਾ ਲਈ 25 ਡਾਲਰ ਅਤੇ 10 ਤੋਂ 17 ਸਾਲ ਦੇ ਨੌਜੁਆਨਾਂ ਲਈ 10 ਡਾਲਰ ਹੈ। 10 ਸਾਲ ਤੋਂ ਛੋਟੇ ਬੱਚਿਆਂ ਲਈ ਇਹ ਰਜਿਸਟ੍ਰੇਸ਼ਨ ਫ਼ਰੀ ਹੈ।





ਪ੍ਰਾਪਤ ਸੂਚਨਾ ਅਨੁਸਾਰ 19 ਜੂਨ ਤੱਕ 371 ਦੌੜਾਕ ਤੇ ਵੱਾਕਰ ਇਸ ਦੇ ਲਈ ਆਪਣੀ ਰਜਿਸਟ੍ਰੇਸ਼ਨ ਕਰਵਾ ਚੁੱਕੇ ਹਨ ਜਿਸ ਵਿੱਚ ਟੀਪੀਏਆਰ ਕਲੱਬ ਦੇ 116, ਐੱਨਲਾਈਟ ਕਿੱਡਜ਼ ਫ਼ਾਰ ਐਜੂਕੇਸ਼ਨ ਦੇ 79, ਗੁਰੂ ਗੋਬਿੰਦ ਸਿੰਘ ਚਿਲਡਰਨ ਫ਼ਾਊਂਡੇਸ਼ਨ ਦੇ 73, ਐਸੋਸੀਏਸ਼ਨ ਆਫ਼ ਸੀਨੀਅਰਜ਼ ਕਲੱਬਜ਼ ਦੇ 32, ਤਰਕਸ਼ੀਲ ਸੋਸਾਇਟੀ ਦੇ 31, ਪਿੰਗਲਵਾੜਾ ਸੋਸਾਇਟੀ ਦੇ 20, ਖਾਲਸਾ ਏਡ ਦੇ 11, ਡਰੱਗ ਅਵੇਅਰਨੈੱਸ ਸੋਸਾਇਟੀ ਦੇ 8 ਅਤੇ ਸਹਾਇਤਾ ਫ਼ਾਊਂਡੇਸ਼ਨ ਦੇ ਇੱਕ ਮੈਂਬਰ ਸ਼ਾਮਲ ਹਨ। ਇਹ ਰਜਿਸਟ੍ਰੇਸ਼ਨ ਆਨ-ਲਾਈਨ ਅਤੇ ਨਿੱਜੀ ਤੌਰ ‘ਤੇ ਦੋਵੇਂ ਤਰ੍ਹਾਂ ਹੋ ਰਹੀ ਹੈ। ਇਸ ਈਵੈਂਟ ਵਿੱਚ ਭਾਗ ਲੈਣ ਦੇ ਚਾਹਵਾਨ ਉਪਰੋਕਤ ਸੰਸਥਾਵਾਂ ਨਾਲ ਸੰਪਰਕ ਕਰ ਸਕਦੇ ਹਨ।

ਇਸ ਸਬੰਧੀ ਵਧੇਰੇ ਜਾਣਕਾਰੀ ਸੰਧੂਰਾ ਸਿੰਘ ਬਰਾੜ (416-275-9337), ਨਰਿੰਦਰ ਪਾਲ ਬੈਂਸ (647-893-3656), ਪਰਮਜੀਤ ਸਿੰਘ ਢਿੱਲੋਂ ( 416-500-1124) ਜਾਂ ਮਨਜੀਤ ਸਿੰਘ ਨੌਟਾ (416-301-1968) ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ।

# ਕੇਂਦਰ ਸਰਕਾਰ ਦੀ ਨਕਲੀ ਦਵਾਈਆਂ ’ਤੇ ਜ਼ੀਰੋ ਟਾਲਰੈਂਸ ਨੀਤੀ, 71 ਫਰਮਾਂ ਕੰਪਨੀਆਂ ਨੂੰ ਨੋਟਿਸ ਜਾਰੀ

ਨਵੀਂ ਦਿੱਲੀ, 20 ਜੂਨ (ਪੋਸਟ ਬਿਊਰੋ): ਕੇਂਦਰੀ ਸਿਹਤ ਮੰਤਰੀ ਮਨਸੁਖ ਮਾਂਡਵੀਆ ਨੇ ਕਿਹਾ ਹੈ ਕਿ ਭਾਰਤ ਨਕਲੀ ਦਵਾਈਆਂ ‘ਤੇ ਜ਼ੀਰੋ-ਟੌਲਰੈਂਸ ਦੀ ਨੀਤੀ ‘ਤੇ ਚੱਲਦਾ ਹੈ ਅਤੇ ਭਾਰਤ ‘ਚ ਬਣੇ ਦੂਸ਼ਿਤ ਖੰਘ ਦੇ ਸਿਰਪ ਕਾਰਨ ਹੋਣ ਵਾਲੀਆਂ ਮੌਤਾਂ ਦੀ ਚਿੰਤਾ ਜ਼ਾਹਰ ਕਰਨ ਤੋਂ ਬਾਅਦ 71 ਕੰਪਨੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਹਨ ਅਤੇ ਇਨ੍ਹਾਂ ‘ਚੋਂ 18 ਨੂੰ ਬੰਦ ਕਰਨ ਲਈ ਕਿਹਾ ਗਿਆ ਹੈ।

ਨਿਊਜ਼ ਏਜੰਸੀ ਪੀਟੀਆਈ ਨਾਲ ਇੱਕ ਵਿਸ਼ੇਸ਼ ਇੰਟਰਵਿਊ ਵਿੱਚ, ਕੇਂਦਰੀ ਮੰਤਰੀ ਨੇ ਇਹ ਵੀ ਕਿਹਾ ਕਿ ਦੇਸ਼ ਵਿੱਚ ਗੁਣਵੱਤਾ ਵਾਲੀਆਂ ਦਵਾਈਆਂ ਦੇ ਉਤਪਾਦਨ ਨੂੰ ਯਕੀਨੀ ਬਣਾਉਣ ਲਈ ਇੱਕ ਵਿਆਪਕ ਜੋਖਮ ਅਧਾਰਤ ਵਿਸ਼ਲੇਸ਼ਣ ਲਗਾਤਾਰ ਕੀਤਾ ਜਾ ਰਿਹਾ ਹੈ।ਇਸਦੇ ਨਾਲ ਹੀ, ਸਰਕਾਰ ਅਤੇ ਰੈਗੂਲੇਟਰ ਇਹ ਯਕੀਨੀ ਬਣਾਉਣ ਲਈ ਹਮੇਸ਼ਾ ਚੌਕਸ ਰਹਿੰਦੇ ਹਨ ਕਿ ਕਿਸੇ ਦੀ ਵੀ ਜਾਅਲੀ ਦਵਾਈਆਂ ਨਾਲ ਮੌਤ ਨਾ ਹੋਵੇ। ਉਨ੍ਹਾਂ ਕਿਹਾ ਕਿ ਅਸੀਂ ਦੁਨੀਆ ਦੀ ਫਾਰਮੇਸੀ ਹਾਂ ਅਤੇ ਸਾਰਿਆਂ ਨੂੰ ਯਕੀਨ ਦਿਵਾਉਣਾ ਚਾਹੁੰਦੇ ਹਾਂ ਕਿ ਅਸੀਂ ਦੁਨੀਆ ਦੀ ‘ਕੁਆਲਿਟੀ ਵਾਲੀ ਫਾਰਮੇਸੀ’ ਹਾਂ।

ਇਸ ਸਾਲ ਫਰਵਰੀ ਵਿੱਚ ਤਾਮਿਲ-ਨਾਡੂ ਸਥਿਤ ਗਲੋਬਲ ਫਾਰਮਾ ਹੈਲਥਕੇਅਰ ਨੇ ਆਪਣੀਆਂ ਅੱਖਾਂ ਦੀਆਂ ਬੂੰਦਾਂ ਦੀ ਪੂਰੀ ਖੇਪ ਵਾਪਸ ਮੰਗਵਾਈ ਸੀ। ਇਸ ਤੋਂ ਪਹਿਲਾਂ ਪਿਛਲੇ ਸਾਲ, ਗੈਂਬੀਆ ਅਤੇ ਉਜ਼ਬੇਕਿਸਤਾਨ ਵਿੱਚ ਕ੍ਰਮਵਾਰ 66 ਅਤੇ 18 ਬੱਚਿਆਂ ਦੀ ਮੌਤ ਕਥਿਤ ਤੌਰ ‘ਤੇ ਭਾਰਤ ਵਿੱਚ ਬਣੇ ਖੰਘ ਦੇ ਸ਼ਿਰਪ ਕਾਰਨ ਹੋਈ ਸੀ।

ਭਾਰਤ ਨੇ 2022-23 ਵਿੱਚ 17.6 ਬਿਲੀਅਨ ਡਾਲਰ ਦੇ ਖੰਘ ਦੇ ਸਿਰਪ ਦਾ ਨਿਰਯਾਤ ਕੀਤਾ, ਜਦੋਂ ਕਿ 2021-22 ਵਿੱਚ ਇਹ 17 ਬਿਲੀਅਨ ਡਾਲਰ ਦਾ ਸੀ। ਸਮੁੱਚੇ ਤੌਰ ‘ਤੇ ਭਾਰਤ ਵਿਸ਼ਵ ਪੱਧਰ ‘ਤੇ ਜੈਨਰਿਕ ਦਵਾਈਆਂ ਦਾ ਸਭ ਤੋਂ ਵੱਡਾ ਸਪਲਾਇਰ ਹੈ, ਜੋ ਵੱਖ-ਵੱਖ ਟੀਕਿਆਂ ਦੀ ਵਿਸ਼ਵ ਮੰਗ ਦਾ 50 ਪ੍ਰਤੀਸ਼ਤ ਤੋਂ ਵੱਧ ਸਪਲਾਈ ਕਰਦਾ ਹੈ। ਇਸ ਤੋਂ ਇਲਾਵਾ, ਇਹ ਅਮਰੀਕਾ ਵਿੱਚ ਲਗਭਗ 40 ਪ੍ਰਤੀਸ਼ਤ ਜੈਨਰਿਕ ਦਵਾਈਆਂ ਅਤੇ ਯੂਕੇ ਵਿੱਚ ਲਗਭਗ 25 ਪ੍ਰਤੀਸ਼ਤ ਦਵਾਈਆਂ ਦੀ ਸਪਲਾਈ ਕਰਦਾ ਹੈ।

ਮਨਸੁਖ ਮਾਂਡਵੀਆ ਨੇ ਕਿਹਾ ਕਿ ਜਦੋਂ ਵੀ ਭਾਰਤੀ ਦਵਾਈਆਂ ਬਾਰੇ ਕੁਝ ਸਵਾਲ ਉੱਠਦੇ ਹਨ ਤਾਂ ਸਾਨੂੰ ਤੱਥਾਂ ਦੀ ਤਹਿ ਤੱਕ ਜਾਣ ਦੀ ਲੋੜ ਹੁੰਦੀ ਹੈ। ਉਦਾਹਰਨ ਲਈ, ਗੈਂਬੀਆ ਵਿੱਚ ਇਹ ਕਿਹਾ ਗਿਆ ਸੀ ਕਿ 49 ਬੱਚਿਆਂ ਦੀ ਮੌਤ ਹੋ ਗਈ ਸੀ। ਡਬਲਯੂਐਚਓ ਵਿੱਚ ਕਿਸੇ ਨੇ ਇਹ ਕਿਹਾ ਅਤੇ ਅਸੀਂ ਉਨ੍ਹਾਂ ਨੂੰ ਲਿਖਿਆ ਕਿ ਅਸਲੀਅਤ ਕੀ ਹੈ। ਕੋਈ ਵੀ ਸਾਡੇ ਕੋਲ ਤੱਥਾਂ ਦੇ ਨਾਲ ਵਾਪਸ ਨਹੀਂ ਆਇਆ . ਉਨ੍ਹਾਂ ਕਿਹਾ ਕਿ ਅਸੀਂ ਇੱਕ ਕੰਪਨੀ ਦੇ ਸੈਂਪਲ ਚੈੱਕ ਕੀਤੇ। ਅਸੀਂ ਮੌਤ ਦਾ ਕਾਰਨ ਜਾਣਨ ਦੀ ਕੋਸ਼ਿਸ਼ ਕੀਤੀ ਤਾਂ ਪਤਾ ਲੱਗਾ ਕਿ ਬੱਚਿਆਂ ਨੂੰ ਡਾਇਰੀਆ ਸੀ। ਡਾਇਰੀਆ ਵਾਲੇ ਬੱਚੇ ਲਈ ਖੰਘ ਦੇ ਸ਼ਿਰਪ ਦੀ ਸਿਫ਼ਾਰਸ਼ ਕਿਸਨੇ ਕੀਤੀ?

# ’ਤਾਰਕ ਮੇਹਿਤਾ ਕਾ ਉਲਟਾ ਚਸ਼ਮਾ’ ਦੇ ਪ੍ਰੋਡਿਊਸਰ ਅਤੇ ਟੀਮ ਦੇ ਦੋ ਮੈਂਬਰਾਂ ’ਤੇ ਯੋਨ ਸ਼ੋਸ਼ਣ ਦਾ ਮਾਮਲਾ ਦਰਜ

ਮੁੰਬਈ, 20 ਜੂਨ (ਪੋਸਟ ਬਿਊਰੋ): ਮੁੰਬਈ ਪੁਲਿਸ ਨੇ ਮੰਗਲਵਾਰ ਨੂੰ ਇੱਕ ਐਕਟਰ ਦੀ ਸ਼ਿਕਾਇਤ ’ਤੇ 'ਤਾਰਕ ਮੇਹਿਤਾ ਕਾ ਉਲਟਾ ਚਸ਼ਮਾ' ਦੇ ਨਿਰਮਾਤਾ ਅਸਿਤ ਕੁਮਾਰ ਮੋਦੀ, ਆਪਰੇਸ਼ਨ ਹੈੱਡ ਸੋਹੇਲ ਰਮਾਨੀ ਅਤੇ ਕਾਰਜਕਾਰੀ ਨਿਰਮਾਤਾ ਜਤੀਨ ਬਜਾਜ਼ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਿਸ ਨੇ ਭਾਰਤੀ ਸਜ਼ਾ ਸੰਹਿਤਾ (ਆਈ.ਪੀ.ਸੀ.) ਦੀ ਧਾਰਾ 354 ਅਤੇ 509 (ਔਰਤ ਦਾ ਸ਼ੀਲ ਭੰਗ ਕਰਨ ਦੇ ਇਰਾਦੇ ਨਾਕ ਉਸ ’ਤੇ ਹਮਲਾ ਜਾਂ ਅਪਰਾਧਿਕ ਬਲ ਪ੍ਰਯੋਗ) ਤਹਿਤ ਐੱਫ.ਆਈ.ਆਰ. ਦਰਜ ਕੀਤੀ ਹੈ। ਹਾਲਾਂਕਿ ਪੁਲਿਸ ਨੇ ਹਾਲੇ ਤੱਕ ਕਿਸੇ ਦੀ ਗ੍ਰਿਫਤਾਰੀ ਨਹੀਂ ਕੀਤੀ ਹੈ।



ਮੁੰਬਈ ਪੁਲਿਸ ਨੇ ਦੱਸਿਆ, ਪਵਈ ਪੁਲਸ ਨੇ 'ਤਾਰਕ ਮੇਹਿਤਾ ਕਾ ਉਲਟਾ ਚਸ਼ਮਾ' ਦੇ ਨਿਰਮਾਤਾ ਅਸਿਤ ਕੁਮਾਰ ਮੋਦੀ ਅਤੇ ਉਨ੍ਹਾਂ ਦੀ ਟੀਮ ਦੇ ਦੋ ਹੋਰ ਮੈਂਬਰਾਂ ਖਿਲਾਫ ਯੋਨ ਸ਼ੋਸ਼ਣ ਦੇ ਦੋਸ਼ਾਂ ਦੇ ਸੰਬੰਧ ਵਿਚ ਐਕਟਰ ਦਾ ਬਿਆਨ ਦਰਜ ਕੀਤਾ। ਪੁਲਿਸ ਛੇਤੀ ਹੀ ਅਸਿਤ ਕੁਮਾਰ ਮੋਦੀ ਨੂੰ ਉਨ੍ਹਾਂ ਦੇ ਬਿਆਨ ਲਈ ਸੰਮਨ ਕਰੇਗੀ।

ਹਾਲਾਂਕਿ, ਅਸਿਤ ਮੋਦੀ ਨੇ ਦੋਸ਼ਾਂ ਤੋਂ ਇਨਕਾਰ ਕੀਤਾ ਹੈ ਅਤੇ ਉਨ੍ਹਾਂ ਨੂੰ ਆਧਾਰਹੀਣ ਦੱਸਿਆ ਹੈ। ਉਨ੍ਹਾਂ ਨੇ ਐਕਟਰ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰਨ ਲਈ ਉਨ੍ਹਾਂ ਖਿਲਾਫ ਕਾਨੂੰਨੀ ਕਾਰਵਾਈ ਕਰਨ ਦਾ ਵੀ ਦਾਅਵਾ ਕੀਤਾ। ਮੁੰਬਈ ਪੁਲਿਸ ਮੁਤਾਬਕ, ਉਨ੍ਹਾਂ ਨੂੰ ਐਕਟਰ ਵਲੋਂ ਲਿਖਤੀ ਸ਼ਿਕਾਇਤ ਮਿਲੀ ਸੀ। ਪੁਲਿਸ ਨੇ ਕਿਹਾ, 'ਤਾਰਕ ਮੇਹਿਤਾ ਕਾ ਉਲਟਾ ਚਸ਼ਮਾ' ਚਸ਼ਮਾ ਦੀ ਐਕਟਰੈਸ ਨੇ ਇੱਕ ਨਿਰਮਾਤਾ ਖਿਲਾਫ ਯੋਨ ਸ਼ੋਸ਼ਣ ਦਾ ਦੋਸ਼ ਲਗਾਉਂਦੇ ਹੋਏ ਇੱਕ ਲਿਖਤੀ ਸ਼ਿਕਾਇਤ ਦਰਜ ਕੀਤੀ ਹੈ। ਉਸਦੀ ਸ਼ਿਕਾਇਤ ਅਨੁਸਾਰ, ਨਿਰਮਾਤਾ ਅਸਿਤ ਮੋਦੀ ਅਤੇ ਕੁਝ ਕਰੂ ਮੈਂਬਰਾਂ ਨੇ ਉਸਦਾ ਯੋਨ ਸ਼ੋਸ਼ਣ ਕੀਤਾ। ਅਸੀਂ ਜਾਂਚ ਸ਼ੁਰੂ ਕਰ ਦਿੱਤੀ ਹੈ।

ਮੁਲਜ਼ਮ ਤਿੰਨਾਂ ਲੋਕਾਂ ਨੇ ਇੱਕ ਆਧਿਕਾਰਿਕ ਬਿਆਨ ਜਾਰੀ ਕਰਕੇ ਸਾਰੇ ਦੋਸ਼ਾਂ ਦਾ ਖੰਡਨ ਕਰਦੇ ਹੋਏ ਕਿਹਾ ਹੈ ਕਿ ਐਕਟਰ ਦਾ ਦੋਸ਼ ਬਦਲੇ ਤੋਂ ਪ੍ਰੇਰਿਤ ਹੈ, ਕਿਉਂਕਿ ਪ੍ਰੋਡਕਸ਼ਨ ਹਾਊਸ ਨੇ ਉਸਦਾ ਕਰਾਰ ਖ਼ਤਮ ਕਰ ਦਿੱਤਾ ਗਿਆ ਸੀ।

Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd / Mcvean Dr / Gore Rd / Squire Ellis Dr / DENTISTRY / Countryside Dr

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)



ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)



ਐਂਡ ਯੂਨਿਟ ਕਾਨ੍ਰਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)



ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)



ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT







FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017